ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 24 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੧੦ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਜਲੰਧਰ ’ਚ ਫੋਲਡੀਵਾਲ ਨੇੜੇ ਸਕਾਰਪੀਓ ਨੂੰ ਲੱਗੀ ਅੱਗ; ਜ਼ਿੰਦਾ ਸੜਿਆ ਡਰਾਈਵਰ, ਪੁਲਿਸ ਕਰ ਰਹੀ ਮਾਮਲੇ ਦੀ ਜਾਂਚ



**ਜਲੰਧਰ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਫੋਲਡੀਵਾਲ ਇਲਾਕੇ ਵਿੱਚ ਇੱਕ ਸਕਾਰਪੀਓ ਕਾਰ ਨੂੰ ਅਚਾਨਕ ਅੱਗ ਲੱਗ ਗਈ। ਅੱਗ ਨੇ ਪੂਰੀ ਕਾਰ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਘਟਨਾ ਦੌਰਾਨ ਡਰਾਈਵਿੰਗ ਸੀਟ ’ਤੇ ਬੈਠਾ ਡਰਾਈਵਰ ਵੀ ਅੱਗ ਦੀ ਲਪੇਟ ਵਿੱਚ ਆ ਗਿਆ ਅਤੇ ਜ਼ਿੰਦਾ ਸੜ ਗਿਆ। ਸਕਾਰਪੀਓ ਕਾਰ ਖੜ੍ਹੀ ਸੀ। ਦੱਸਿਆ ਜਾ ਰਿਹਾ ਹੈ ਕਿ ਸਕਾਰਪੀਓ ਨੂੰ ਅੱਗ ਲੱਗੀ ਹੋਈ ਸੀ। ਲੋਕਾਂ ਨੇ ਕਾਰ ਨੂੰ ਸੜਦੇ ਦੇਖਿਆ ਅਤੇ ਜਦੋਂ ਉਹ ਨੇੜੇ ਆਏ ਤਾਂ ਉਨ੍ਹਾਂ ਦੇਖਿਆ ਕਿ ਅੰਦਰ ਇੱਕ ਆਦਮੀ ਸੜ ਰਿਹਾ ਸੀ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਅਤੇ ਫਾਇਰ ਵਿਭਾਗ ਦੀ ਟੀਮ ਮੌਕੇ ’ਤੇ ਪਹੁੰਚ ਗਈ। ਕਾਬਿਲੇਗੌਰ ਹੈ ਕਿ ਹਾਦਸਾ ਇੰਨ੍ਹਾ ਜਿਆਦਾ ਭਿਆਨਕ ਸੀ ਕਿ ਕਾਰ ਚਾਲਕ ਨੂੰ ਬਾਹਰ ਨਿਕਲਣ ਦਾ ਮੌਕਾ ਨਹੀਂ ਮਿਲਿਆ ਜਿਸ ਦੇ ਚੱਲਦੇ ਵਿਅਕਤੀ ਦੀ ਸੜਨ ਕਾਰਨ ਮੌਤ ਹੋ ਗਈ। ਸੂਚਨਾ ਮਿਲਣ ’ਤੇ ਪੁਲਿਸ ਅਤੇ ਫੋਰੈਂਸਿਕ ਟੀਮਾਂ ਮੌਕੇ ’ਤੇ ਪਹੁੰਚੀਆਂ। ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਸਕਾਰਪੀਓ ਨੂੰ ਅੱਗ ਕਿਉਂ ਲੱਗੀ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

### ਮੁੱਖ ਮੰਤਰੀ ਮਾਨ ਦੇ ਬਠਿੰਡਾ ਦੌਰੇ ਤੋਂ ਪਹਿਲਾਂ ਵਾਪਰੀ ਵੱਡੀ ਵਾਰਦਾਤ

# ਭਾਜਪਾ ਆਗੂ ਦੇ ਕਲੀਨਿਕ ’ਤੇ ਸੁੱਟਿਆ ਗਿਆ ਪੈਟਰੋਲ ਬੰਬ

**ਬਠਿੰਡਾ/ਚੰਡੀਗੜ੍ਹ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਦੇ ਭਾਜਪਾ ਦੇ ਨੇਤਾ ਡਾਕਟਰ ਤਰਸੇਮ ਗਰਗ ਕਲੀਨਿਕ ਦੇ ਅੰਦਰ ਕਿਸੇ ਨੇ ਪੈਟਰੋਲ ਬੰਬ ਸੁੱਟੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਫੈਲ ਗਈ। ਸੂਚਨਾ ਮਿਲਣ ’ਤੇ ਪੁਲਿਸ ਟੀਮ ਮੌਕੇ ’ਤੇ ਪਹੁੰਚੀ ਅਤੇ ਮੌਕੇ ਦਾ ਮੁਆਇਨਾ ਕਰਕੇ ਜਾਂਚ ਸ਼ੁਰੂ ਕਰ ਦਿੱਤੀ। ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਅਣਪਛਾਤੇ ਲੋਕਾਂ ਨੇ ਕਲੀਨਿਕ ਦੇ ਬਾਹਰ ਪੈਟਰੋਲ ਨਾਲ ਭਰੇ ਪੈਕੇਟ ਸੁੱਟ ਕੇ ਕਲੀਨਿਕ ਨੂੰ ਅੱਗ ਲਗਾਉਣ ਦੀ ਕੋਸ਼ਿਸ਼ ਕੀਤੀ ਅਤੇ ਫਿਰ ਭੱਜ ਗਏ। ਹਾਲਾਂਕਿ, ਘਟਨਾ ਦਾ ਸਮੇਂ ਸਿਰ ਪਤਾ ਲੱਗਣ ਕਾਰਨ ਵੱਡਾ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਦੱਸਿਆ ਜਾ ਰਿਹਾ ਕਿ ਦੋ ਅਣਪਛਾਤੇ ਵਿਅਕਤੀਆਂ ਵੱਲੋਂ ਗੇਟ ਦੇ ਬਾਹਰ ਖੜੇ ਹੋ ਕੇ ਬੋਤਲ ਨੂੰ ਅੱਗ ਲਾਈ ਅਤੇ ਕਲੀਨਿਕ ’ਤੇ ਸੁੱਟਿਆ ਜਦਕਿ ਦੂਜਾ ਵਿਅਕਤੀ ਇਸਦੀ ਵੀਡੀਓ ਬਣਾ ਰਿਹਾ ਸੀ। ਇਸ ਮਾਮਲੇ ਮਗਰੋਂ ਹਫੜਾ ਤਫੜੀ ਮਚ ਗਈ ਅਤੇ ਕਲੀਨਿਕ ਦੇ ਅੰਦਰ ਮੌਜੂਦ ਵਿਅਕਤੀ ਨੇ ਰੌਲਾ ਪਾਇਆ ਤੇ ਉਸ ਤੋਂ ਬਾਅਦ ਲੋਕ ਇਕੱਠੇ ਹੋ ਗਏ। ਫਿਲਹਾਲ ਇਸ ਵਾਰਦਾਤ ’ਚ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਹੈ। ਦੂਜੇ ਪਾਸੇ ਇਸ ਮਾਮਲੇ ’ਤੇ ਡਾ. ਤਰਸੇਮ ਗਰਗ ਨੇ ਇਸ ਘਟਨਾ ’ਤੇ ਚਿੰਤਾ ਪ੍ਰਗਟ ਕੀਤੀ ਅਤੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਕਾਨੂੰਨ ਵਿਵਸਥਾ ’ਤੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ ਅਤੇ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰਦੀਆਂ ਹਨ। ਪੁਲਿਸ ਨੇ ਨੇੜਲੇ ਸੀਸੀਟੀਵੀ ਕੈਮਰਿਆਂ ਤੋਂ ਫੁਟੇਜ ਜ਼ਬਤ ਕਰ ਲਈ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਕਲੀਨਿਕ ਅਤੇ ਆਲੇ ਦੁਆਲੇ ਦੇ ਅਦਾਰਿਆਂ ਦੇ ਕੈਮਰਿਆਂ ਤੋਂ ਰਿਕਾਰਡਿੰਗਾਂ ਦੀ ਜਾਂਚ ਕੀਤੀ ਜਾ ਰਹੀ ਹੈ, ਖਾਸ ਕਰਕੇ ਹਮਲਾਵਰਾਂ ਦੀ ਪਛਾਣ ਕਰਨ ਲਈ। ਪੁਲਿਸ ਇਹ ਵੀ ਜਾਂਚ ਕਰ ਰਹੀ ਹੈ ਕਿ ਕੀ ਨਿੱਜੀ ਰੰਜਿਸ਼, ਰਾਜਨੀਤਿਕ ਵਿਵਾਦ, ਜਾਂ ਹੋਰ ਕਾਰਕ ਇਸ ਘਟਨਾ ਪਿੱਛੇ ਹਨ। ਫਿਲਹਾਲ, ਪੁਲਿਸ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ ਅਤੇ ਜਾਂਚ ਤੇਜ਼ ਕਰ ਦਿੱਤੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਸੀਸੀਟੀਵੀ ਫੁਟੇਜ ਅਤੇ ਹੋਰ ਤਕਨੀਕੀ ਸਬੂਤਾਂ ਦੇ ਆਧਾਰ ’ਤੇ ਜਲਦੀ ਹੀ ਦੋਸ਼ੀਆਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਲਾਕੇ ਵਿੱਚ ਸੁਰੱਖਿਆ ਵੀ ਵਧਾ ਦਿੱਤੀ ਗਈ ਹੈ।



## ਮੁੱਖ ਮੰਤਰੀ ਦੀ ਕਥਿਤ ਵੀਡੀਓ ਦਾ ਮਾਮਲਾ; ਤਲਵੰਡੀ ਸਾਬੋ ਦੇ ਪਿੰਡਾਂ ’ਚ ਲਗਾਏ ਗਏ ਪੋਸਟਰ

**ਤਲਵੰਡੀ ਸਾਬੋ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਕਥਿਤ ਵੀਡੀਓ ਮਾਮਲੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਰੀ ਆਦੇਸ਼ਾਂ ਨੂੰ ਸੰਗਤਾਂ ਤੱਕ ਪਹੁੰਚਾਉਣ ਲਈ ਲਗਾਤਾਰ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਾਰਜ ਕੀਤੇ ਜਾ ਰਹੇ ਹਨ। ਇਸੇ ਦੇ ਚੱਲਦੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਦੇ ਪਿੰਡ ਮਲਕਾਣਾ ਅਤੇ ਜੱਜਲ ਦੇ ਗੁਰਦੁਆਰਾ ਸਾਹਿਬਾਨਾ ਵਿਖੇ ਪਿੰਡ ਵਾਸੀਆਂ ਨੂੰ ਮੁੱਖ ਮੰਤਰੀ ਦੀ ਇਸ ਵੀਡੀਓ ਤੋਂ ਜਾਣੂ ਕਰਾ ਕੇ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਰੀ ਆਦੇਸ਼ਾਂ ਸਬੰਧੀ ਪੋਸਟਰ ਲਗਾਏ ਗਏ ਅਤੇ ਸੰਗਤਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਮੰਨਦੇ ਹੋਏ ਮੁੱਖ ਮੰਤਰੀ ਨੂੰ ਮੂੰਹ ਨਾ ਲਾਉਣ ਦੀ ਅਪੀਲ ਵੀ ਕੀਤੀ ਗਈ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਹਲਕਾ ਤਲਵੰਡੀ ਸਾਬੋ ਦੇ ਇੰਚਾਰਜ ਰਵੀ ਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵੀਡੀਓ ਦੀ ਜਾਂਚ ਤੋਂ ਬਾਅਦ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਫੈਸਲਾ ਲਿਆ ਗਿਆ ਹੈ। ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਪਣੇ ਵੀਡੀਓ ’ਤੇ ਮੁਆਫੀ ਮੰਗਣ ਦੀ ਥਾਂ ਸ੍ਰੀ ਅਕਾਲ ਤਖਤ ਸਾਹਿਬ ਨਾਲ ਟੱਕਰ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹੀ ਨਹੀਂ ਸਗੋਂ ਬਾਹਰਲੇ ਰਾਜਾਂ ਵਿੱਚ ਵੀ ਸਿੱਖਾਂ ਨਾਲ ਲਗਾਤਾਰ ਧੱਕਾ ਹੋ ਰਿਹਾ ਹੈ। ਪੰਜਾਬੀ ਸੱਭਿਆਚਾਰ ਕਾਬਿਲੇਗੌਰ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਕਥਿਤ ਵੀਡੀਓ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਸੁਣਾਏ ਗਏ ਹੁਕਮ ਨੂੰ ਲਾਗੂ ਕਰਾਉਣ ਲਈ ਪਿੰਡਾਂ ਦੇ ਗੁਰਦੁਆਰਾ ਸਾਹਿਬਾਨਾਂ ਵਿੱਚ ਪੋਸਟਰ ਲਗਾਏ ਜਾ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਵੱਲੋਂ ਪੋਸਟਰ ਜਾਰੀ ਕੀਤੇ ਗਏ ਹਨ।




## ਯੂਰਪ ’ਚ ਗਰਮੀ ਨੇ ਤੋੜੇ ਸਾਰੇ ਰਿਕਾਰਡ; ਫਰਾਂਸ ਵਿੱਚ ਦੋ ਬੱਚਿਆਂ ਸਮੇਤ 18 ਲੋਕਾਂ ਦੀ ਮੌਤ



**ਪੈਰਿਸ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਯੂਰਪ ਦੇ ਕਈ ਦੇਸ਼ ਇਸ ਸਮੇਂ ਭਿਆਨਕ ਗਰਮੀ ਦੀ ਲਪੇਟ ਵਿੱਚ ਹਨ। ਫਰਾਂਸ ਵਿੱਚ ਦੋ ਬੱਚਿਆਂ ਸਮੇਤ 18 ਲੋਕਾਂ ਦੀ ਮੌਤ ਹੋ ਗਈ ਹੈ, ਜਦਕਿ ਕਈ ਸ਼ਹਿਰਾਂ ਵਿੱਚ ਤਾਪਮਾਨ ਦੇ ਪੁਰਾਣੇ ਰਿਕਾਰਡ ਟੁੱਟ ਗਏ ਹਨ। ਫਰਾਂਸ ਦੇ ਦੱਖਣ-ਪੂਰਬੀ ਸ਼ਹਿਰ ਕਾਰਪੈਂਟਰਾਸ ਵਿੱਚ ਦੋ ਅਤੇ ਚਾਰ ਸਾਲ ਦੇ ਦੋ ਬੱਚੇ ਕਾਰ ਵਿੱਚ ਬੇਹੋਸ਼ ਮਿਲੇ। ਇਸ ਤੋਂ ਇਲਾਵਾ Bordeaux ਖੇਤਰ ਵਿੱਚ 80 ਤੋਂ 95 ਸਾਲ ਉਮਰ ਦੇ ਤਿੰਨ ਬਜ਼ੁਰਗਾਂ ਦੀ ਗਰਮੀ ਕਾਰਨ ਸਿਹਤ ਵਿਗੜਨ ਨਾਲ ਮੌਤ ਹੋ ਗਈ। ਤੈਰਾਕੀ ਦੌਰਾਨ ਡੁੱਬਣ ਕਾਰਨ 13 ਹੋਰ ਲੋਕਾਂ ਦੀ ਵੀ ਜਾਨ ਚਲੀ ਗਈ। ਫਰਾਂਸ ਦੇ Bordeaux ਸ਼ਹਿਰ ਵਿੱਚ ਤਾਪਮਾਨ 41.9 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ ਜੋ ਨਵਾਂ ਰਿਕਾਰਡ ਹੈ। ਪੋਇਟਿਏਰ ਵਿੱਚ 41.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਿਸ ਨੇ 1947 ਦਾ ਰਿਕਾਰਡ ਤੋੜ ਦਿੱਤਾ। ਸਪੇਨ ਦੇ ਸਾਨ ਸੇਬਾਸਤਿਆਨ ਸ਼ਹਿਰ ਵਿੱਚ ਵੀ ਤਾਪਮਾਨ 40 ਡਿਗਰੀ ਸੈਲਸੀਅਸ ਤੱਕ ਪਹੁੰਚਣ ਦੀ ਸੰਭਾਵਨਾ ਜਤਾਈ ਗਈ ਹੈ। ਬ੍ਰਿਟੇਨ ਦੇ ਮੌਸਮ ਵਿਭਾਗ ਨੇ ਚਿਤਾਵਨੀ ਦਿੱਤੀ ਹੈ ਕਿ ਦੇਸ਼ ਵਿੱਚ ਚਾਰ ਦਿਨਾਂ ਦੀ ਗਰਮੀ ਦੀ ਲਹਿਰ ਦੌਰਾਨ ਤਾਪਮਾਨ 39 ਡਿਗਰੀ ਸੈਲਸੀਅਸ ਤੋਂ ਵੀ ਉੱਪਰ ਜਾ ਸਕਦਾ ਹੈ, ਜਿਸ ਨਾਲ 1957 ਅਤੇ 1976 ਵਿੱਚ ਬਣਿਆ ਜੂਨ ਮਹੀਨੇ ਦਾ ਰਿਕਾਰਡ ਟੁੱਟ ਸਕਦਾ ਹੈ। ਇਟਲੀ ਨੇ 12 ਸ਼ਹਿਰਾਂ ਵਿੱਚ ਰੈੱਡ ਅਲਰਟ ਜਾਰੀ ਕੀਤਾ ਹੈ। ਟਿਊਰਿਨ ਵਿੱਚ ਬਿਜਲੀ ਦੀ ਮੰਗ ਵਧਣ ਕਾਰਨ ਬਿਜਲੀ ਸਪਲਾਈ ਪ੍ਰਭਾਵਿਤ ਹੋਣ ਲੱਗੀ ਹੈ, ਜਿਸ ਨੂੰ ਦੇਖਦਿਆਂ ਵਾਧੂ ਜਨਰੇਟਰ ਲਗਾਏ ਗਏ ਹਨ ਅਤੇ ਕਰਮਚਾਰੀਆਂ ਦੀਆਂ ਡਿਊਟੀਆਂ ਵਧਾ ਦਿੱਤੀਆਂ ਗਈਆਂ ਹਨ। ਬੈਲਜੀਅਮ ਵਿੱਚ ਵੀ ਗਰਮੀ ਦਾ ਅਸਰ ਜੰਗਲੀ ਜੀਵਾਂ ’ਤੇ ਪਿਆ ਹੈ। ਟੈਂਪਲੂਕਸ ਸਥਿਤ ਜੰਗਲੀ ਜਾਨਵਰ ਪੁਨਰਵਾਸ ਕੇਂਦਰ ਵਿੱਚ ਪਿਛਲੇ ਤਿੰਨ ਦਿਨਾਂ ਦੌਰਾਨ 150 ਤੋਂ ਵੱਧ ਪੰਛੀਆਂ ਅਤੇ ਹੋਰ ਜਾਨਵਰਾਂ ਨੂੰ ਲਿਆਂਦਾ ਗਿਆ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਛੱਤਾਂ ਦਾ ਤਾਪਮਾਨ 50 ਤੋਂ 60 ਡਿਗਰੀ ਸੈਲਸੀਅਸ ਤੱਕ ਪਹੁੰਚ ਰਿਹਾ ਹੈ, ਜਿਸ ਕਾਰਨ ਪੰਛੀ ਆਪਣੇ ਆਲ੍ਹਣਿਆਂ ਤੋਂ ਛਾਲਾਂ ਮਾਰ ਰਹੇ ਹਨ। ਮਾਹਿਰਾਂ ਦਾ ਮੰਨਣਾ ਹੈ ਕਿ ਜਲਵਾਯੂ ਪਰਿਵਰਤਨ ਕਾਰਨ ਹੀਟਵੇਵ ਅਤੇ ਤੂਫ਼ਾਨਾਂ ਦੀ ਤੀਬਰਤਾ ਵੱਧ ਰਹੀ ਹੈ, ਜਿਸ ਕਾਰਨ ਤਾਪਮਾਨ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਮੌਸਮੀ ਹਾਲਾਤ ਹੋਰ ਗੰਭੀਰ ਬਣ ਰਹੇ ਹਨ।

## ਵਪਾਰ ਸਮਝੌਤੇ ਦੇ ਵਿਰੋਧ ’ਚ ਕਿਸਾਨ ਮਜ਼ਦੂਰ ਮੋਰਚਾ, ਚੈਪਟਰ ਪੰਜਾਬ ਦਾ ਵੱਡਾ ਐਲਾਨ, 21 ਜ਼ਿਲ੍ਹਿਆਂ ’ਚ ਕੀਤਾ ਜਾਵੇਗਾ ਰੋਸ ਪ੍ਰਦਰਸ਼ਨ

**ਚੰਡੀਗੜ੍ਹ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਮਜ਼ਦੂਰ ਮੋਰਚਾ, ਚੈਪਟਰ ਪੰਜਾਬ ਵੱਲੋਂ 24 ਜੂਨ ਨੂੰ ਅਮਰੀਕਾ-ਭਾਰਤ ਵਪਾਰ ਸਮਝੌਤੇ ਦੇ ਵਿਰੋਧ ਵਿੱਚ ਪੰਜਾਬ ਭਰ ਦੇ 21 ਜ਼ਿਲ੍ਹਿਆਂ ਦੀਆਂ 27 ਥਾਵਾਂ ’ਤੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਮਿਲੀ ਜਾਣਕਾਰੀ ਮੁਤਾਬਿਕ ਇਹ ਰੋਸ ਪ੍ਰਦਰਸ਼ਨ ਭਾਜਪਾ ਦੇ ਮੁੱਖ ਦਫ਼ਤਰਾਂ, ਵੱਡੇ ਆਗੂਆਂ ਅਤੇ ਸੰਸਦ ਮੈਂਬਰਾਂ ਦੇ ਘਰਾਂ ਅੱਗੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪੁਤਲਾ ਫੂਕ ਮੁਜ਼ਾਹਰੇ ਕੀਤੇ ਜਾਣਗੇ। ਮੋਰਚੇ ਦੇ ਆਗੂਆਂ ਨੇ ਕਿਹਾ ਕਿ ਖੇਤੀਬਾੜੀ ਦੇਸ਼ ਦੀ ਆਰਥਿਕਤਾ ਦਾ ਸਭ ਤੋਂ ਵੱਡਾ ਅਤੇ ਬੁਨਿਆਦੀ ਸੈਕਟਰ ਹੈ। ਜੇਕਰ ਇਹ ਅਮਰੀਕਾ-ਭਾਰਤ ਸਮਝੌਤਾ ਲਾਗੂ ਕੀਤਾ ਜਾਂਦਾ ਹੈ ਤਾਂ ਇਸ ਨਾਲ ਖੇਤੀ ਖੇਤਰ ਸਮੇਤ ਦੇਸ਼ ਦੇ ਹੋਰ ਬਹੁਤ ਸਾਰੇ ਖੇਤਰਾਂ ਦਾ ਵੱਡਾ ਨੁਕਸਾਨ ਹੋਵੇਗਾ। ਕਿਸਾਨਾਂ, ਮਜ਼ਦੂਰਾਂ, ਛੋਟੇ ਵਪਾਰੀਆਂ ਅਤੇ ਆਮ ਲੋਕਾਂ ਦੀ ਰੋਜ਼ੀ-ਰੋਟੀ ’ਤੇ ਸਿੱਧਾ ਹਮਲਾ ਹੋਵੇਗਾ ਅਤੇ ਦੇਸ਼ ਦੇ ਅੰਦਰ ਗੰਭੀਰ ਆਰਥਿਕ ਸੰਕਟ ਪੈਦਾ ਹੋ ਸਕਦਾ ਹੈ।



**24 ਜੂਨ ਨੂੰ ਹੋਣ ਵਾਲੇ ਪ੍ਰਦਰਸ਼ਨਾਂ ਦੇ ਸਥਾਨ ਹੇਠ ਲਿਖੇ ਅਨੁਸਾਰ ਹਨ:-**

ਅੰਮ੍ਰਿਤਸਰ - ਭਾਜਪਾ ਦੇ ਮੁੱਖ ਦਫ਼ਤਰ ਅੱਗੇ। ਬਠਿੰਡਾ - ਇੱਕ ਸਥਾਨ ’ਤੇ। ਫਰੀਦਕੋਟ - ਕੋਟਕਪੂਰਾ ਵਿਖੇ। ਫਿਰੋਜ਼ਪੁਰ - ਸ਼ਹਿਰ ਵਿੱਚ ਦੋ ਥਾਵਾਂ ਅਤੇ ਜੀਰਾ ਵਿੱਚ। ਫਾਜ਼ਿਲਕਾ - ਸੁਰਜੀਤ ਕੁਮਾਰ ਜਿਆਣੀ ਦੇ ਘਰ ਅੱਗੇ। ਗੁਰਦਾਸਪੁਰ - ਫਤਿਹ ਜੰਗ ਬਾਜਵਾ ਦੇ ਘਰ ਅੱਗੇ, ਕਾਦੀਆਂ ਵਿਖੇ। ਹੁਸ਼ਿਆਰਪੁਰ - ਇੱਕ ਸਥਾਨ ’ਤੇ। ਜਲੰਧਰ - ਭਾਜਪਾ ਦੇ ਮੁੱਖ ਦਫ਼ਤਰ ਅਤੇ ਸ਼ਾਹਕੋਟ ਵਿੱਚ। ਕਪੂਰਥਲਾ - ਮਹਿਮਾ, ਨਡਾਲਾ, ਸੁਲਤਾਨਪੁਰ ਲੋਧੀ ਅਤੇ ਫਗਵਾੜਾ (ਸੋਮ ਪ੍ਰਕਾਸ਼ ਦੇ ਘਰ ਅੱਗੇ)। ਲੁਧਿਆਣਾ - ਬਸਤੀ ਚੌਂਕ। ਮਲੇਰਕੋਟਲਾ - ਇੱਕ ਸਥਾਨ ’ਤੇ। ਮਾਨਸਾ - ਇੱਕ ਸਥਾਨ ’ਤੇ। ਮੋਗਾ - ਭਾਜਪਾ ਦੇ ਮੁੱਖ ਦਫ਼ਤਰ ਅੱਗੇ। ਸ੍ਰੀ ਮੁਕਤਸਰ ਸਾਹਿਬ - ਇੱਕ ਸਥਾਨ ’ਤੇ। ਪਠਾਨਕੋਟ - ਅਸ਼ਵਨੀ ਸ਼ਰਮਾ ਦੇ ਘਰ ਅੱਗੇ। ਪਟਿਆਲਾ - ਕੈਪਟਨ ਅਮਰਿੰਦਰ ਸਿੰਘ ਦੇ ਘਰ ਅੱਗੇ। ਰੂਪਨਗਰ (ਰੋਪੜ) - ਮੋਰਿੰਡਾ ਵਿਖੇ। ਐਸ.ਏ.ਐਸ. ਨਗਰ (ਮੋਹਾਲੀ) - ਇੱਕ ਸਥਾਨ ’ਤੇ। ਸੰਗਰੂਰ - ਭਾਜਪਾ ਦੇ ਮੁੱਖ ਦਫ਼ਤਰ ਅੱਗੇ। ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) - ਇੱਕ ਸਥਾਨ ’ਤੇ। ਤਰਨ ਤਾਰਨ - ਭਾਜਪਾ ਦੇ ਮੁੱਖ ਦਫ਼ਤਰ ਅੱਗੇ। ਕਿਸਾਨ ਮਜ਼ਦੂਰ ਮੋਰਚਾ, ਚੈਪਟਰ ਪੰਜਾਬ ਵੱਲੋਂ ਪੰਜਾਬ ਦੇ ਸਮੂਹ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਵਪਾਰੀਆਂ ਅਤੇ ਲੋਕਤੰਤਰ ਪੱਖੀ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਕੱਲ੍ਹ ਦੇ ਇਨ੍ਹਾਂ ਪ੍ਰੋਗਰਾਮਾਂ ਵਿੱਚ ਸ਼ਾਮਲ ਹੋਣ। ਇਹ ਲੜਾਈ ਸਿਰਫ਼ ਕਿਸਾਨਾਂ ਦੀ ਨਹੀਂ, ਸਗੋਂ ਦੇਸ਼ ਦੀ ਆਰਥਿਕਤਾ, ਖੇਤੀਬਾੜੀ ਅਤੇ ਲੋਕਾਂ ਦੇ ਭਵਿੱਖ ਨੂੰ ਬਚਾਉਣ ਦੀ ਲੜਾਈ ਹੈ।

## ਲਖਨਊ ਅੱਗ ਤ੍ਰਾਸਦੀ : ਚਾਰ ਅਧਿਕਾਰੀ ਮੁਅੱਤਲ, ਚਾਰ ਨੂੰ ਕੀਤਾ ਗ੍ਰਿਫ਼ਤਾਰ; ‘ਸਿਟ’ ਕਰੇਗੀ ਜਾਂਚ

**ਲਖਨਊ, 23 ਜੂਨ (ਆਵਾਜ਼ਿ ਕੌਮ ਬਿਊਰੋ)**-ਰਾਜਧਾਨੀ ਲਖਨਊ ਵਿੱਚ ਅਲੀਗੰਜ ਅੱਗ ਦੀ ਘਟਨਾ ਵਿੱਚ ਕਾਰਵਾਈ ਕਰਦੇ ਹੋਏ, ਚਾਰ ਅਧਿਕਾਰੀਆਂ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ ਹੈ। ਇਸ ਮਾਮਲੇ ਵਿੱਚ ਚਾਰ ਲੋਕਾਂ ਨੂੰ ਗ੍ਰਿਫ਼ਤਾਰ ਵੀ ਕੀਤਾ ਗਿਆ ਹੈ। ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਦੀ ਸਰਕਾਰ ਤੇਜ਼ੀ ਨਾਲ ਕਾਰਵਾਈ ਕਰਨ ਦੇ ਮੂਡ ਵਿੱਚ ਜਾਪਦੀ ਹੈ। ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਅਲੀਗੰਜ ਅੱਗ ਦੀ ਘਟਨਾ ਨੂੰ ਲੈ ਕੇ ਦੇਰ ਰਾਤ ਇੱਕ ਉੱਚ ਪੱਧਰੀ ਮੀਟਿੰਗ ਕੀਤੀ। ਇਸ ਵਿੱਚ ਉਨ੍ਹਾਂ ਨੇ ਦੋਸ਼ੀਆਂ ਦੀ ਪਛਾਣ ਕਰਨ ਲਈ ਇੱਕ ਵਿਸ਼ੇਸ਼ ਜਾਂਚ ਟੀਮ (ਐਸ. ਆਈ. ਟੀ.) ਦੇ ਗਠਨ ਦੇ ਆਦੇਸ਼ ਦਿੱਤੇ। ਇਸ ਦੇ ਨਾਲ ਹੀ ਅਲੀਗੰਜ ਥਾਣੇ ਵਿੱਚ ਛੇ ਲੋਕਾਂ ਵਿਰੁੱਧ ਇੱਕ ਨਾਮਜ਼ਦ ਐਫਆਈਆਰ ਦਰਜ ਕੀਤੀ ਗਈ ਹੈ। ਇਨ੍ਹਾਂ ਵਿੱਚੋਂ ਚਾਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਮੁੱਖ ਮੰਤਰੀ ਦੇ ਨਿਰਦੇਸ਼ਾਂ ’ਤੇ ਬਣਾਈ ਗਈ ਐਸਆਈਟੀ ਵਿੱਚ ਸੱਭਿਆਚਾਰ ਵਿਭਾਗ ਦੇ ਵਧੀਕ ਮੁੱਖ ਸਕੱਤਰ ਅੰਮ੍ਰਿਤ ਅਭਿਜਾਤ ਅਤੇ ਲਖਨਊ ਦੇ ਏਡੀਜੀ ਜ਼ੋਨ ਪ੍ਰਵੀਨ ਕੁਮਾਰ ਸ਼ਾਮਲ ਹਨ। ਜਾਂਚ ਟੀਮ ਸੱਤ ਦਿਨਾਂ ਦੇ ਅੰਦਰ ਮੁੱਖ ਮੰਤਰੀ ਨੂੰ ਆਪਣੀ ਰਿਪੋਰਟ ਸੌਂਪੇਗੀ। ਮੁੱਖ ਮੰਤਰੀ ਦੇ ਨਿਰਦੇਸ਼ਾਂ ’ਤੇ ਤੁਰੰਤ ਪ੍ਰਭਾਵ ਨਾਲ ਚਾਰ ਅਧਿਕਾਰੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਪਹਿਲੀ ਨਜ਼ਰੇ ਦੋਸ਼ੀ ਪਾਏ ਜਾਣ ਵਾਲਿਆਂ ਵਿੱਚ ਗੌਰਵ ਕੁਮਾਰ, ਆਬਕਾਰੀ ਸੰਗ੍ਰਹਿ (ਬਿਜਲੀ ਵਿਭਾਗ), ਜਾਨਕੀਪੁਰਮ; ਕਮਲੇਂਦਰ ਕੁਮਾਰ ਸਿੰਘ, ਐਫਐਸਐਸਓ (ਫਾਇਰ ਵਿਭਾਗ), ਇੰਦਰਾ ਨਗਰ; ਅਨਿਲ ਕੁਮਾਰ, ਏਈ, ਐਲਡੀਏ; ਅਤੇ ਪ੍ਰਮੋਦ ਪਾਂਡੇ, ਜੇਈ-ਐਲਡੀਏ ਸ਼ਾਮਲ ਹਨ। ਸੋਮਵਾਰ ਰਾਤ ਨੂੰ, ਪੁਲਿਸ ਨੇ ਮਡੇਗੰਜ ਦੇ ਇੱਕ ਇਮਾਰਤ ਦੇ ਮਾਲਕ ਵੀਰੇਂਦਰ ਪ੍ਰਸਾਦ ਸ਼ੁਕਲਾ; ਅਲੀਗੰਜ ਦੇ ਇੱਕ ਪਾਲਤੂ ਜਾਨਵਰਾਂ ਦੀ ਦੁਕਾਨ ਦੇ ਮਾਲਕ ਰਾਮਕ੍ਰਿਸ਼ਨ ਉਪਾਧਿਆਏ; ਬਾਲਾਗੰਜ ਦੇ ਇੱਕ ਐਨੀਮੇਸ਼ਨ ਸੈਂਟਰ ਸੰਚਾਲਕ ਤੁਸ਼ਾਕ ਕ੍ਰਿਸ਼ਨ ਜੈਸਵਾਲ; ਅਤੇ ਕੇਸ਼ਵਨਗਰ, ਮਡੇਨਵ ਦੇ ਇੱਕ ਕਿਰਾਏਦਾਰ ਸੁਰੇਸ਼ ਕੁਮਾਰ ਸ਼ਾਹੂ ਨੂੰ ਗ੍ਰਿਫਤਾਰ ਕੀਤਾ। ਐਫਆਈਆਰ ਵਿੱਚ ਨਾਮਜ਼ਦ ਦੋਸ਼ੀ ਧੀਰੇਂਦਰ ਸ਼ੁਕਲਾ ਅਤੇ ਸੁਰੇਂਦਰ ਸ਼ੁਕਲਾ ਦੀ ਭਾਲ ਜਾਰੀ ਹੈ। ਕਾਬਿਲੇਗੌਰ ਹੈ ਕਿ ਲਖਨਊ ਦੇ ਅਲੀਗੰਜ ਵਿੱਚ ਇੱਕ ਕੋਚਿੰਗ ਸੈਂਟਰ ਵਿੱਚ ਭਿਆਨਕ ਅੱਗ ਲੱਗ ਗਈ। ਅੱਗ ਵਿੱਚ ਪੰਦਰਾਂ ਘਰ ਸੜ ਕੇ ਸੁਆਹ ਹੋ ਗਏ। ਅੱਗ ਸ਼ਾਰਟ ਸਰਕਟ ਕਾਰਨ ਲੱਗੀ। ਕਈ ਵਿਦਿਆਰਥੀਆਂ ਨੇ ਇਮਾਰਤ ਤੋਂ ਛਾਲ ਮਾਰ ਦਿੱਤੀ, ਜਿਸ ਵਿੱਚ ਨੌਂ ਜ਼ਖਮੀ ਹੋ ਗਏ। ਹਾਦਸੇ ਤੋਂ ਬਾਅਦ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਮੌਕੇ ’ਤੇ ਪਹੁੰਚੇ। ਰੱਖਿਆ ਮੰਤਰੀ ਵੀ ਪਹੁੰਚੇ। ਜਾਂਚ ਲਈ ਇੱਕ ਐਸਆਈਟੀ ਬਣਾਈ ਗਈ ਹੈ। ਸੱਤ ਦਿਨਾਂ ਦੇ ਅੰਦਰ ਰਿਪੋਰਟ ਮੰਗੀ ਗਈ ਹੈ।“




**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੋੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛੱਕੋ / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ
AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




### ਕੈਲਗਰੀ ਵੋਮੈਨ ਕਲਚਰਲ ਐਸੋਸੀਏਸ਼ਨ ਦੀ ਮੀਟਿੰਗ

# ਜੂਨ ਮਹੀਨੇ ਦੀਆਂ ਸ਼ਹਾਦਤਾਂ ਅਤੇ ਪਿਤਾ ਦਿਵਸ ਨੂੰ ਸਮਰਪਿਤ ਰਹੀ








ਕੈਲਗਰੀ ਵੋਮੈਨ ਕਲਚਰਲ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ 21 ਜੂਨ ਦਿਨ ਐਤਵਾਰ ਨੂੰ ਜੈਨੇਸਸ ਸੈਂਟਰ ਵਿਖੇ ਭਰਵੀਂ ਹਾਜ਼ਰੀ ਵਿੱਚ ਬਹੁਤ ਹੀ ਉਤਸ਼ਾਹ ਅਤੇ ਜੋਸ਼ ਨਾਲ ਹੋਈ।ਮੀਟਿੰਗ ਦਾ ਆਗਾਜ਼ ਸਭਾ ਦੇ ਸਕੱਤਰ ਗੁਰਨਾਮ ਕੌਰ ਨੇ ਭੈਣਾਂ ਦਾ ਸਵਾਗਤ ਕਰਦਿਆਂ ਕੀਤਾ।ਇਹ ਮੀਟਿੰਗ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਸੀ ਇਸ ਤੋਂ ਇਲਾਵਾ ਫਾਦਰਜ਼ ਡੇਅ ਅਤੇ ਜੂਨ 1984 ਦੇ ਲਹੂ ਭਿੱਜੇ ਇਤਿਹਾਸ ਦੀ ਚਰਚਾ ਵੀ ਹੋਈ।

ਸਭਾ ਦੇ ਕੋਆਰਡੀਨੇਟਰ ਸ੍ਰੀ ਮਤੀ ਗੁਰਚਰਨ ਕੌਰ ਥਿੰਦ ਜੀ ਨੇ ਚਾਰ ਜੂਨ 1984 ਦੀ ਆਪ ਬੀਤੀ ਘਟਨਾ ਸੁਣਾਈ। ਜ਼ਿੰਦਗੀ ਵਿੱਚ ਪਿਤਾ ਵਲੋਂ ਸੁਚਾਰੂ ਸੇਧ ਦੇਣ ਦੀ ਗੱਲ ਕੀਤੀ।ਟੈਕਨਾਲੋਜੀ ਦੇ ਜ਼ਮਾਨੇ ਵਿੱਚ ਭੈਣਾਂ ਨੂੰ ਕੰਪਿਊਟਰ ਸਿੱਖਣ ਲਈ ਉਤਸ਼ਾਹਿਤ ਕੀਤਾ, ਅਤੇ ਚਾਹਵਾਨ ਭੈਣਾਂ ਦੇ ਨਾਂ ਵੀ ਲਿਖੇ।ਉਨ੍ਹਾਂ ਨੇ 19 ਜੁਲਾਈ ਨੂੰ ਸਭਾ ਦੇ ਟਰਿੱਪ ਦੀ ਸੂਚਨਾ ਵੀ ਦਿੱਤੀ।

ਸਭਾ ਵਿਚ ਨਵੀਆਂ ਆਈਆਂ ਭੈਣਾਂ, ਕੁਲਦੀਪ ਕੌਰ, ਸਿਮਰ ਕੌਰ, ਗੁਰਜੀਤ ਕੌਰ, ਸ਼ਿਲੰਦਰ ਕੌਰ ਸ਼ੈਲੀ ਅਤੇ ਮੌਨਿਕਾ ਜੀ ਨੇ ਆਪਣੀ ਜਾਣ ਪਹਿਚਾਣ ਕਰਵਾਈ ਅਤੇ ਸਾਰੀਆਂ ਨੇ ਆਪੋ ਆਪਣੇ ਵਿਚਾਰ ਪੇਸ਼ ਕੀਤੇ।ਗੁਰਜੀਤ ਕੌਰ ਬੈਦਵਾਣ, ਜਸਮਿੰਦਰ ਕੌਰ ਬਰਾੜ, ਬਲਬੀਰ ਹਜੂਰੀਆਂ ਨੇ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਬਾਰੇ ਕਵਿਤਾਵਾਂ ਸੁਣਾਈਆਂ। ਅਮਰਜੀਤ ਕੌਰ ਗਰੇਵਾਲ ਅਤੇ ਭਗਵੰਤ ਕੌਰ ਜੀ ਨੇ ਪੰਜਵੇਂ ਪਾਤਸ਼ਾਹ ਦੀ ਸ਼ਹੀਦੀ ਨੂੰ ਸਮਰਪਿਤ ਕਵੀਸ਼ਰੀ ਪੂਰੇ ਜੋਸ਼ ਨਾਲ ਗਾਈ। ਭੈਣ ਨਛੱਤਰ ਕੌਰ ਨੇ ਹੱਡੀਂ ਹੰਢਾਏ 84 ਦੇ ਦਹਾਕੇ ਦਾ ਰੋ ਰੋ ਕੇ ਹਾਲ ਸੁਣਾਇਆ। ਕਿਵੇਂ ਉਸ ਦੇ ਪਤੀ ਨੂੰ ਅਣਮਨੁੱਖੀ ਤਸ਼ੱਦਦ ਦਿੱਤੇ।ਸਿਰ ਵਿੱਚ ਗਰਮ ਗਰਮ ਪਾਣੀ ਪਾਇਆ।ਪ੍ਰੈਗਨੈਂਸੀ ਦੀ ਹਾਲਤ ਵਿੱਚ ਉਸ ਤੇ ਵੀ ਜ਼ੁਲਮ ਹੋਇਆ।ਸਭ ਤੋਂ ਨੇੜਲੇ ਰਿਸ਼ਤੇਦਾਰ ਵੀ ਸਾਥ ਛੱਡ ਗਏ।

ਰਾਜਿੰਦਰ ਕੌਰ ਚੋਹਕਾ ਜੀ ਨੇ ਫਾਦਰ ਡੇਅ ਦਾ ਇਤਿਹਾਸ ਦੱਸਿਆ ਅਤੇ ਪਿਤਾ ਨੂੰ ਸਮਰਪਿਤ ਇਕ ਕਵਿਤਾ ਵੀ ਸੁਣਾਈ। ਗੁਰਦੀਸ਼ ਕੌਰ ਗਰੇਵਾਲ ਜੀ ਨੇ ਪਿਤਾ ਦੀ ਯਾਦ ਨੂੰ ਸਮਰਪਿਤ ਆਪਣੀ ਲਿਖੀ ਕਵਿਤਾ ਤਰੰਨਮ ਨਾਲ ਸੁਣਾਈ। ਸਰਬਜੀਤ ਕੌਰ ਉੱਪਲ, ਸੁਰਿੰਦਰ ਕੌਰ ਸੰਧੂ, ਸੁਖਵਿੰਦਰ ਕੌਰ ਬਾਠ, ਬਲਵਿੰਦਰ ਕੌਰ ਜੱਸਲ, ਅਮਰਜੀਤ ਕੌਰ ਵਿਰਦੀ ਅਤੇ ਚਰਨਜੀਤ ਕੌਰ, ਸਾਰੀਆਂ ਭੈਣਾਂ ਨੇ ਪਿਤਾ ਦੀ ਯਾਦ ਵਿੱਚ ਕਵਿਤਾਵਾਂ ਸੁਣਾਈਆਂ। ਜੁਗਿੰਦਰ ਪੁਰਬਾ ਮਾਂ ਦੀ ਗੱਲ ਕਰਦਿਆਂ ਭਾਵਕ ਹੋ ਗਏ। ਹਰਬੰਸ ਕੌਰ ਪੇਲੀਆ ਨੇ ਟੱਪੇ ਅਤੇ ਕੁਲਵੰਤ ਕੌਰ ਗਿੱਲ ਅਤੇ ਹਰਜੀਤ ਕੌਰ ਜੌਹਲ ਨੇ ਲੋਕ ਗੀਤ ਗਾਏ ਕੁਲਦੀਪ ਕੌਰ ਘਟੌੜਾ ਨੇ ਆਪਣੀ ਲਿਖੀ ਰਚਨਾ ਵਿੱਚੋਂ ਸਵਾਲ ਪੁਛਿਆ ਅਤੇ ਜਵਾਬ ਦੇਣ ਵਾਲੀ ਚਰਨਜੀਤ ਕੌਰ ਨੂੰ ਗਿਫ਼ਟ ਵੀ ਦਿੱਤਾ।

ਅਖੀਰ ਵਿੱਚ ਡਾ. ਅਮਨਦੀਪ ਕੌਰ ਵੀ ਭੈਣਾਂ ਲਈ ਮਿਠਾਈ ਲੈ ਕੇ ਉਚੇਚੇ ਤੌਰ ਤੇ ਹਾਜ਼ਰ ਹੋਏ।ਸੁਖਬੀਰ ਸਿੰਘ ਗਰੇਵਾਲ ਨੇ 12 ਜੁਲਾਈ ਨੂੰ ਯੰਗਸਤਾਨ ਨਾਲ ਖੇਡਾਂ ਵਿੱਚ ਭਾਗ ਲੈਣ ਲਈ, ਸੀਨੀਅਰ ਭੈਣਾਂ ਨੂੰ ਸੱਦਾ ਦਿੱਤਾ।

ਅੰਤ ਤੇ ਉਪ ਪ੍ਰਧਾਨ ਗੁਰਦੀਸ਼ ਕੌਰ ਗਰੇਵਾਲ ਨੇ ਸਭ ਦਾ ਧੰਨਵਾਦ ਕੀਤਾ।ਮਨਿੰਦਰ ਕੌਰ ਚਾਨੇ ਨੇ ਫੋਟੋਆਂ ਖਿੱਚਣ ਅਤੇ ਵੀਡੀਓ ਬਣਾਉਣ ਦੀ ਡਿਊਟੀ ਨਿਭਾਈ। ਤਰਨਜੀਤ ਕੌਰ ਪਰਮਾਰ, ਬਲਜੀਤ ਕੌਰ ਜਠੌਲ ਅਤੇ ਸੁਰਿੰਦਰ ਕੌਰ ਚੀਮਾ ਜੀ ਨੇ ਰਲ਼ ਕੇ ਕੜ੍ਹੀ ਚੌਲਾਂ ਦਾ ਲੰਗਰ ਛਕਾਇਆ। ਨਵੀਂ ਆਈ ਨੌਜਵਾਨ ਮੈਂਬਰ ਮੌਨਿਕਾ ਨੇ ਪਕੌੜੇ ਅਤੇ ਫਰੂਟ ਚਾਟ ਦੀ ਸੇਵਾ ਨਿਭਾਈ।

ਸ਼ਿਵਾਲਿਕ ਚੈਨਲ ਵੱਲੋਂ ਪਰਮਜੀਤ ਸਿੰਘ ਭੰਗੂ ਜੀ ਨੇ ਪੂਰੀ ਮੀਟਿੰਗ ਦੀ ਕਵਰੇਜ ਬਾਖੂਬੀ ਕੀਤੀ।

ਵਧੇਰੇ ਜਾਣਕਾਰੀ ਲਈ ਗੁਰਚਰਨ ਕੌਰ ਥਿੰਦ 403 402 9635 ਜਾਂ ਗੁਰਦੀਸ਼ ਕੌਰ ਗਰੇਵਾਲ ਨਾਲ 403 404 1450 ਤੇ ਸੰਪਰਕ ਕੀਤਾ ਜਾ ਸਕਦਾ ਹੈ।

**-ਗੁਰਨਾਮ ਕੌਰ ਸਕੱਤਰ, ਸੰਪਰਕ : 825 735 4550**

### ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੇ 24 ਜੂਨ ਦੇ

# ਜ਼ਿਲ੍ਹਾ ਪੱਧਰੀ ਐਕਸ਼ਨ ’ਚ ਡੀ. ਟੀ.ਐੱਫ਼. ਭਰਵੀਂ ਸ਼ਮੂਲੀਅਤ ਕਰਨ ਦਾ ਐਲਾਨ



**ਤਲਵੰਡੀ ਸਾਬੋ**, 23 ਜੂਨ (**ਗੁਰਜੰਟ ਸਿੰਘ ਨਥੇਹਾ**)- ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਫਰੰਟ ਪੰਜਾਬ ਅਤੇ ਸਾਂਝਾ ਮੁਲਾਜਮ ਮੰਚ ਦੇ ਸੱਦੇ ’ਤੇ ਜ਼ਿਲ੍ਹਾ ਪੱਧਰ ’ਤੇ ਹੋਣ ਵਾਲੀਆਂ ਰੈਲੀਆਂ ਵਿੱਚ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ, ਪੰਜਾਬ ਭਰਵੀਂ ਸ਼ਮੂਲੀਅਤ ਕਰੇਗਾ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਬਠਿੰਡਾ ਦੇ ਪ੍ਰਧਾਨ ਬਲਜਿੰਦਰ ਸਿੰਘ, ਸਕੱਤਰ ਜਸਵਿੰਦਰ ਸਿੰਘ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਵਿਕਾਸ ਗਰਗ ਨੇ ਦੱਸਿਆ ਕਿ 24 ਜੂਨ ਨੂੰ ਜ਼ਿਲ੍ਹਾ ਪੱਧਰ ’ਤੇ ਸਮੂਹ ਮੁਲਾਜ਼ਮਾਂ ਦੇ ਹੋ ਰਹੇ ਰੋਸ ਧਰਨੇ ਵਿੱਚ ਡੀਟੀਐੱਫ਼ ਬਠਿੰਡਾ ਦੇ ਮਿੰਨੀ ਸਕੱਤਰੇਤ ਅੱਗੇ ਹੋਣ ਵਾਲੇ ਵਿਸ਼ਾਲ ਮੁਜ਼ਾਹਰੇ ਵਿੱਚ ਭਰਵੀਂ ਸ਼ਮੂਲੀਅਤ ਕਰੇਗੀ।ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਪੈਂਡਿੰਗ ਮੰਗਾਂ ਜਿਵੇਂ ਕਿ ਪੁਰਾਣੀ ਪੈਨਸ਼ਨ ਬਹਾਲ ਕਰਨ, 18% ਪੈਂਡਿੰਗ ਡੀ.ਏ ਤੁਰੰਤ ਜ਼ਾਰੀ ਕਰਨ, 2020 ਤੋਂ ਬਾਅਦ ਦੇ ਮੁਲਾਜ਼ਮਾਂ ਉੱਪਰ ਲਾਏ ਨਵੇਂ ਪੇ ਸਕੇਲ ਵਾਪਸ ਲੈਣੇ, ਪੇਂਡੂ ਭੱਤਾ, ਬਾਰਡਰ ਏਰੀਆ ਭੱਤਾ ਸਮੇਤ 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰਨੇ, 3-7-11-15 ਦੀ ਏ.ਸੀ.ਪੀ ਸਕੀਮ ਬਹਾਲ ਕਰਨ ਵਰਗੀਆਂ ਮੰਗਾਂ ਪੂਰੀਆਂ ਕਰਨ ਤੋਂ ਸਰਕਾਰ ਅਨਾਕਾਨੀ ਕਰ ਰਹੀ ਹੈ। ਬਲਾਕ ਪ੍ਰਧਾਨ ਭੋਲਾ ਰਾਮ ਤਲਵੰਡੀ, ਰਾਜਵਿੰਦਰ ਸਿੰਘ ਜਲਾਲ, ਭੁਪਿੰਦਰ ਸਿੰਘ ਮਾਈਸਰਖਾਨਾ, ਕੁਲਵਿੰਦਰ ਸਿੰਘ ਵਿਰਕ, ਬਲਕਰਨ ਸਿੰਘ ਕੋਟਸ਼ਮੀਰ ਨੇ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਕੰਪਿਊਟਰ ਅਧਿਆਪਕ, ਮੈਰੀਟੋਰੀਅਸ ਅਧਿਆਪਕ, ਕੱਚੇ ਅਧਿਆਪਕ ਅਤੇ ਐੱਨ.ਐੱਸ.ਕਿਉ.ਐੱਫ਼ ਅਧਿਆਪਕ ਪੂਰੇ ਸਕੇਲਾਂ ਵਿੱਚ ਸਿੱਖਿਆ ਵਿਭਾਗ ਵਿੱਚ ਮਰਜ਼ ਕਰਨ , ਪ੍ਰੋਬੇਸ਼ਨ ਪੀਰਡ ਦੌਰਾਨ ਬੇਸਿਕ ਪੇਅ ਦੇਣ ਵਾਲਾ ਮੁਲਾਜ਼ਮ ਮਾਰੂ 15-1-15 ਦਾ ਪੱਤਰ ਵਾਪਸ ਲੈਣਾ , 200 ਰੁਪਏ ਕੱਟਿਆ ਜਾਂਦਾ ਵਿਕਾਸ ਫੰਡ ਵਾਪਿਸ ਲੈਣਾ ਆਦਿ ਮੰਗਾਂ ਨੂੰ ਲੈ ਕੇ ਪੰਜਾਬ ਭਰ ਦੇ ਮੁਲਾਜ਼ਮ ਇੱਕ ਮੰਚ ’ਤੇ ਇਕੱਠੇ ਹੋ ਗਏ ਹਨ।ਆਗੂਆਂ ਨੇ ਕਿਹਾ ਕਿ ਅਧਿਆਪਕਾਂ ਉੱਪਰ ਗ਼ੈਰ-ਵਿਦਿਅਕ ਕੰਮਾਂ ਦਾ ਬੋਝ ਪਾ ਕੇ ਉਹਨਾਂ ਨੂੰ ਉਨ੍ਹਾਂ ਦੇ ਬੁਨਿਆਦੀ ਕੰਮ ਸਿੱਖਿਆ ਤੋਂ ਦੂਰ ਕੀਤਾ ਜਾ ਰਿਹਾ ਹੈ,ਜਿਸ ਨਾਲ ਅਧਿਆਪਕਾਂ ਵਿੱਚ ਗੁੱਸੇ ਦੀ ਲਹਿਰ ਹੈ। ਜਥੇਬੰਦੀ ਦੇ ਜ਼ਿਲ੍ਹਾ ਕਮੇਟੀ ਮੈਂਬਰ ਹਰਜੀਤ ਸਿੰਘ ਜੀਦਾ, ਜਗਦੀਪ ਸਿੰਘ ਮਾਨ, ਰਣਦੀਪ ਕੌਰ ਖਾਲਸਾ, ਬਲਜਿੰਦਰ ਕੌਰ,ਅਨਿਲ ਭੱਟ, ਰਾਮ ਸਿੰਘ ਬਰਾੜ ਨੇ ਦੱਸਿਆ ਕਿ ਹੁਣ ਸਰਕਾਰ ਖਿਲਾਫ ਆਰ ਪਾਰ ਦੀ ਲੜਾਈ ਲੜੀ ਜਾਵੇਗੀ ਜਿਸ ਤਹਿਤ ਸੂਬਾ ਪੱਧਰ ’ਤੇ ਸਮੂਹ ਮੰਤਰੀਆਂ ਦੇ ਘਰਾਂ ਅੱਗੇ ਧਰਨੇ 1 ਜੁਲਾਈ ਤੋਂ 10 ਜੁਲਾਈ ਤੱਕ ਦਿੱਤੇ ਜਾਣਗੇ ਅਤੇ 17 ਜੁਲਾਈ ਨੂੰ ਮੋਹਾਲੀ ਵਿਖੇ ਸੂਬਾ ਪੱਧਰੀ ਮਹਾਂ ਰੈਲੀ ਕੀਤੀ ਜਾਵੇਗੀ। ਆਗੂਆਂ ਨੇ ਕਿਹਾ ਸਰਕਾਰ ਵੱਲੋਂ ਇਸ਼ਿਤਹਾਰਾਂ ਰਾਹੀਂ ਪੰਜਾਬ ਦੇ ਖਜਾਨੇ ਦਾ ਉਜਾੜਾ ਕੀਤਾ ਜਾ ਰਿਹਾ ਹੈ ਪਰ ਪੰਜਾਬ ਦੇ ਮੁਲਾਜ਼ਮ ਆਪਣੇ ਹੱਕਾਂ ਲਈ ਨਿੱਤ ਦਿਨ ਸੜਕਾਂ ਤੇ ਉੱਤਰ ਰਹੇ ਹਨ। ਚੋਣਾਂ ਵਿੱਚ ਕੁਝ ਮਹੀਨੇ ਹੀ ਬਾਕੀ ਹਨ, ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤੀ ਵਾਅਦਾ ਖਿਲਾਫੀ ਦਾ ਨਤੀਜਾ ਵਿਧਾਨ ਸਭਾ ਚੋਣਾਂ ਵਿੱਚ ਵੇਖਣ ਨੂੰ ਮਿਲੇਗਾ।

**ਪੰਜਾਬ ਸਰਕਾਰ ਘੇਸਲ ਛੱਡ ਕੇ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਮੰਨੇ-ਡੀ.ਟੀ.ਐੱਫ**

ਆਵਾਜ਼ਿ ਕੌਮ AWAZE QAUM International Newspaper & WEB TV

### ਧੂਰੀ ਹਲਕੇ ਦੇ ਪਿੰਡਾਂ ’ਚ ਲੋਕ ਮਿਲਣੀਆਂ ਰਾਹੀਂ

# ਲੋਕਾਂ ਨਾਲ ਸਿੱਧਾ ਸੰਵਾਦ ਕਰ ਰਹੀ ਹੈ ਮਾਨ ਸਰਕਾਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਹਲਕਾ ਧੂਰੀ ਦੇ ਪਿੰਡ ਕਾਂਝਲੀ ਅਤੇ ਕਿਲਾ ਹਕੀਮਾ ਵਿਖੇ ਕਰਵਾਏ ਗਏ “ਲੋਕ ਮਿਲਣੀ” ਪ੍ਰੋਗਰਾਮਾਂ ਦੌਰਾਨ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਨੀਤੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਯੋਜਨਾਵਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਲੋਕ ਮਿਲਣੀ ਪ੍ਰੋਗਰਾਮ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਰਾਹੀਂ ਨਾ ਸਿਰਫ਼ ਲੋਕਾਂ ਨੂੰ ਸਰਕਾਰੀ ਸਕੀਮਾਂ ਦੀ ਜਾਣਕਾਰੀ ਦਿੱਤੀ ਜਾ ਰਹੀ ਹੈ, ਸਗੋਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਵੀ ਮੌਕੇ ’ਤੇ ਸੁਣ ਕੇ ਸਬੰਧਤ ਵਿਭਾਗਾਂ ਰਾਹੀਂ ਹੱਲ ਕਰਵਾਉਣ ਦੇ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਉੱਘੇ ਸਮਾਜ ਸੇਵੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਜਗਤਾਰ ਸਿੰਘ ਬਾਗੜੀ, ਨਰਿੰਦਰ ਸਿੰਘ, ਸਰਪੰਚ ਸੁਖਜੀਤ ਸਿੰਘ, ਬਲਾਕ ਸੰਮਤੀ ਮੈਂਬਰ ਜਗਸੀਰ ਸਿੰਘ, ਸਰਪੰਚ ਅਮਰੀਕ ਸਿੰਘ, ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ, ਸੂਬੇਦਾਰ ਸੁਖਵੰਤ ਸਿੰਘ ਅਤੇ ਪਿੰਡਾਂ ਦੇ ਹੋਰ ਮੋਹਤਬਰ ਵਿਅਕਤੀ ਹਾਜ਼ਰ ਸਨ।

**ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਸਰਕਾਰੀ ਸਕੀਮਾਂ ਦੀ ਜਾਣਕਾਰੀ ਲਈ ਲੋਕ ਮਿਲਣੀਆਂ ਬਣੀਆਂ ਪ੍ਰਭਾਵਸ਼ਾਲੀ ਸਾਧਨ: ਦਲਵੀਰ ਸਿੰਘ ਢਿੱਲੋਂ**

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਮਹਿਤਾ ਚੌਕ**, 23 ਜੂਨ (**ਬਾਬਾ ਸੁਖਵੰਤ ਸਿੰਘ ਚੰਨਣਕੇ**)-ਧੰਨ ਧੰਨ ਸਾਹਿਬ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਤੇ ਜੂਨ ਚੁਰਾਸੀ ਦੇ ਸਮੂਹ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ ਦੁਬਈ ਦੇ ਮਸ਼ਹੂਰ ਸ਼ਹਿਰ ਜਬਲ ਅਲੀ ਦੇ ਵਿਚ ਅਲ ਫਾਰਿਸ ਕੰਪਨੀ ਦੇ ਸਮੂਹ ਵਰਕਰਾਂ ਵੱਲੋਂ ਬਹੁਤ ਠੰਢੇ ਮਿੱਠੇ ਜਲ ਤੇ ਛੋਲੇ ਕੜਾਹ ਪ੍ਰਸ਼ਾਦ ਵਰਤਾਇਆ ਗਿਆ। ਇਸ ਮੌਕੇ ਗੁਰਪਿੰਦਰ ਸਿੰਘ, ਜਸਪਾਲ ਸਿੰਘ, ਬਾਬਾ ਬਹਾਦਰ ਸਿੰਘ, ਹਰਜਿੰਦਰ ਸਿੰਘ, ਦਵਿੰਦਰ ਸਿੰਘ ਮਹਿਤਾ, ਸੁੰਦਰ ਸਿੰਘ, ਬਲਜਿੰਦਰ ਸਿੰਘ, ਜਗਬੀਰ ਸਿੰਘ, ਜਗਪ੍ਰੀਤ ਸਿੰਘ, ਸਮੂਹ ਕੰਪਨੀ ਦੇ ਵਰਕਰਾਂ ਸੇਵਾਦਾਰਾਂ ਨੇ ਆਪਣੀ ਤਨਦੇਹੀ ਨਾਲ ਸੇਵਾ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

# ਆਓ ਰਲ ਪੰਜਾਬ ਵਿੱਚ ਡਬਲ ਇੰਜਨ ਦੀ ਸਰਕਾਰ ਬਣਾਈਏ-ਪ੍ਰੋ. ਓਂਕਾਰ ਸਿੰਘ ਸਿੱਧੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਸ੍ਰੀ ਨਿਤਨ ਨਵੀਨ ਜੀ ਪੰਜਾਬ ਪਿਛਲੇ ਦਿਨੀ ਪੰਜਾਬ ਦੇ ਤਿੰਨ ਰੋਜ਼ਾ ਦੌਰੇ ਤੇ ਆਏ ਹੋਏ ਸਨ। ਉਹਨਾਂ ਵੱਲੋਂ ਲੁਧਿਆਣਾ ਵਿਖੇ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਉੱਘੇ ਸਮਾਜ ਸੇਵੀ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਸੀਨੀਅਰ ਆਗੂ ਵਿਧਾਨ ਸਭਾ ਹਲਕਾ ਧੂਰੀ ਤੋਂ ਆਪਣੇ ਸੈਂਕੜੇ ਸਾਥੀਆਂ ਸਮੇਤ ਲੁਧਿਆਣਾ ਸਮਾਗਮ ਵਿੱਚ ਸ਼ਾਮਿਲ ਹੋਣ ਗੱਡੀਆਂ ਦੇ ਕਾਫਲੇ ਲੈ ਕੇ ਸ਼ਾਮਿਲ ਹੋਏ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਇਕੱਲਿਆਂ ਚੋਣਾਂ ਲੜ ਕੇ ਸਰਕਾਰ ਬਣਾਏਗੀ ਆਉਣ ਵਾਲੇ ਦਿਨਾਂ ਵਿੱਚ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਲਈ ਅਤੇ ਪੰਜਾਬ ਦੇ ਵੱਡੇ ਹਿੱਤਾ ਨੂੰ ਮੁੱਖ ਰੱਖਦਿਆਂ ਵੱਡੇ ਫੈਸਲੇ ਕਰਨ ਜਾ ਰਹੀ ਹੈ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਡਬਲ ਇੰਜਨ ਦੀ ਸਰਕਾਰ ਬਣ ਕੇ ਪੰਜਾਬ ਵਿੱਚ ਵਿਕਾਸ ਦੀ ਲੀਹ ਨੂੰ ਅੱਗੇ ਤੋਰਿਆ ਜਾ ਸਕੇ। ਇਸ ਮੌਕੇ ਪਰਮਜੀਤ ਸਿੰਘ ਭਿੰਦੀ , ਨਰਪਿੰਦਰ ਸਿੰਘ ਗੋਰਾ , ਸੁਖਪਾਲ ਸਿੰਘ ਕਾਂਝਲਾ ਬਲਾਕ ਪ੍ਰਧਾਨ ਇਲਾਵਾ ਬੀਜੇਪੀ ਦੇ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ੁਭਮ ਸ਼ਰਮਾ ਬਣੇ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ, ਹਾਈ ਕਮਾਂਡ ਦਾ ਕੀਤਾ ਧੰਨਵਾਦ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਕੌਮੀ ਆਗੂ ਸ੍ਰੀ ਰਾਹੁਲ ਗਾਂਧੀ ਵੱਲੋਂ ਪੰਜਾਬ ਵਿੱਚ ਵੱਡੇ ਫੇਰ ਬਦਲ ਕੀਤੇ ਜਾ ਰਹੇ ਹਨ। ਜਿਸ ਦੇ ਚਲਦਿਆਂ ਧੂਰੀ ਤੋਂ ਇੱਕ ਆਮ ਪਰਿਵਾਰ ਦੇ ਨੌਜਵਾਨ ਆਗੂ ਸ਼ੁਭਮ ਸ਼ਰਮਾ ਸੁਭੀ ਨੂੰ ਪੰਜਾਬ ਯੂਥ ਕਾਂਗਰਸ ਦਾ ਪ੍ਰਧਾਨ ਬਣਾ ਕੇ ਦਿੱਤਾ ਗਿਆ ਹੈ। ਇਸ ਮੌਕੇ ਪੰਜਾਬ ਯੂਥ ਕਾਂਗਰਸ ਪਾਰਟੀ ਦੇ ਨਵ ਨਿਯੁਕਤ ਪ੍ਰਧਾਨ ਸੁਭਮ ਸ਼ਰਮਾ ਸੁਭੀ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਉਹ ਸਭ ਤੋਂ ਪਹਿਲਾਂ ਪਰਮਾਤਮਾ ਦਾ ਸ਼ੁਕਰ ਗੁਜਾਰ ਕਰਦੇ ਹਨ, ਜਿਨ੍ਹਾਂ ਨੇ ਮੇਰੇ ਮਿਹਰ ਭਰਿਆ ਹੱਥ ਰੱਖ ਕੇ ਪੰਜਾਬ ਦੇ ਨੌਜਵਾਨਾਂ ਦੀ ਸੇਵਾ ਕਰਨ ਦਾ ਬਲ ਬਖਸ਼ਿਆ ਹੈ। ਉਹਨਾਂ ਕਿਹਾ ਕਿ ਉਹ ਕਾਂਗਰਸ ਪਾਰਟੀ ਦੀ ਕੇਂਦਰੀ ਹਾਈ ਕਮਾਂਡ ਅਤੇ ਪੰਜਾਬ ਦੀ ਪੂਰੀ ਹਾਈ ਕਮਾਂਡ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ ਜਿਨਾਂ ਨੇ ਮੇਰੀ ਪਾਰਟੀ ਪ੍ਰਤੀ ਦਿਨ ਰਾਤ ਮਿਹਨਤ ਨੂੰ ਦੇਖਦਿਆਂ ਹੋਇਆਂ ਪੰਜਾਬ ਯੂਥ ਕਾਂਗਰਸ ਦੇ ਨੌਜਵਾਨਾਂ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਦੇ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਨੌਜਵਾਨਾਂ ਨੂੰ ਪਾਰਟੀ ਪ੍ਰਤੀ ਲਾਭਮੰਦ ਕੀਤਾ ਜਾਵੇਗਾ, ਕਾਂਗਰਸ ਪਾਰਟੀ ਤੇ ਕੌਮੀ ਆਗੂ ਸ੍ਰੀ ਰਾਹੁਲ ਗਾਂਧੀ ਦੇ ਹੱਥ ਮਜਬੂਤ ਕਰਕੇ ਪੰਜਾਬ ਦੀ ਸੱਤਾ ਤੇ ਕਾਬਜ਼ ਕਰਨ ਵਿੱਚ ਅਹਿਮ ਯੋਗਦਾਨ ਪਾਵਾਂਗੇ।

## ਵਿਰੋਧੀ ਪਾਰਟੀਆਂ ਨੂੰ ਵੱਡਾ ਝਟਕਾ

# ਫਿਰੋਜ਼ਪੁਰ ਦਿਹਾਤੀ ਹਲਕੇ ਦੇ ਤੋਂ ਅਨੇਕਾਂ ਪਰਿਵਾਰ ਕਾਂਗਰਸ ਵਿੱਚ ਸ਼ਾਮਲ



**ਫ਼ਿਰੋਜ਼ਪੁਰ, 23 ਜੂਨ (ਮਨੋਹਰ ਲਾਲ) :—** ਹਲਕਾ ਫਿਰੋਜ਼ਪੁਰ ਦਿਹਾਤੀ ਵਿੱਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡੀ ਸਿਆਸੀ ਬੜ੍ਹਤ ਮਿਲੀ ਜਦੋਂ ਵਿਰੋਧੀ ਪਾਰਟੀਆਂ ਦੇ ਅਨੇਕਾਂ ਵਰਕਰ, ਯੂਥ ਆਗੂ ਅਤੇ ਪੰਚਾਇਤ ਨੁਮਾਇੰਦੇ ਕਾਂਗਰਸ ਵਿੱਚ ਸ਼ਾਮਲ ਹੋ ਗਏ। ਫ਼ਿਰੋਜ਼ਪੁਰ ਦਿਹਾਤੀ ਹਲਕਾ ਇੰਚਾਰਜ ਆਸ਼ੂ ਬੰਗੜ ਦੀ ਅਗਵਾਈ ਹੇਠ ਹੋਏ ਭਰਵੇਂ ਸਮਾਗਮ ਦੌਰਾਨ ਪਿੰਡ ਲੋਹਗੜ ਤੋਂ ਦਰਜਨਾਂ ਨੌਜਵਾਨ ਆਗੂ ਕਾਂਗਰਸ ਪਰਿਵਾਰ ਦਾ ਹਿੱਸਾ ਬਣੇ। ਇਸ ਮੌਕੇ ਬੋਲਦਿਆਂ ਆਸ਼ੂ ਬੰਗੜ ਨੇ ਕਿਹਾ ਕਿ ਅੱਜ ਦਾ ਦਿਨ ਇਤਿਹਾਸਕ ਹੈ, ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਨੇ ਮਨ ਬਣਾ ਲਿਆ ਹੈ ਕਿ 2027 ਵਿੱਚ ਕਾਂਗਰਸ ਦੀ ਸਰਕਾਰ ਬਣਾਉਣੀ ਹੈ, ਮੌਜੂਦਾ ਸਰਕਾਰ ਦੀ ਨਾਕਾਮੀ ਅਤੇ ਝੂਠੇ ਵਾਅਦਿਆਂ ਤੋਂ ਦੁਖੀ ਹੋ ਕੇ ਲੋਕ ਵੱਡੀ ਗਿਣਤੀ ਵਿੱਚ ਕਾਂਗਰਸ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦੀ ਮੁਹੱਬਤ ਦੀ ਦੁਕਾਨ ਹੁਣ ਪਿੰਡ—ਪਿੰਡ ਖੁੱਲ੍ਹ ਰਹੀ ਹੈ। ਇਸ ਮੌਕੇ ਲਾਲ ਸਿੰਘ ਤੇ ਪ੍ਰੀਤਮ ਸਿੰਘ ਦੇ ਪਰਿਵਾਰ ਸ਼ਿਦਰਜੀਤ ਸਿੰਘ, ਤਰਸੇਮ ਸਿੰਘ, ਗੁਰਵਿੰਦਰ ਸਿੰਘ, ਸੁਖਵਿੰਦਰ ਸਿੰਘ, ਮਲਕੀਤ ਸਿੰਘ, ਹਰਜਿੰਦਰ ਸਿੰਘ, ਬਿੱਕਰ ਸਿੰਘ, ਸੁਰਜੀਤ ਸਿੰਘ, ਸਲਵਿੰਦਰ ਸਿੰਘ, ਮਲਵਿੰਦਰ ਸਿੰਘ ਨੇ ਕਿਹਾ ਕਿ ਅਸੀਂ ਕਾਂਗਰਸ ਦੀਆਂ ਗਰੀਬਪੱਖੀ ਨੀਤੀਆਂ, ਨੌਜਵਾਨਾਂ ਲਈ ਸੋਚ ਅਤੇ ਕਿਸਾਨੀ ਮਜ਼ਦੂਰੀ ਦੇ ਹੱਕਾਂ ਦੀ ਰਾਖੀ ਕਰਨ ਵਾਲੀ ਪਾਰਟੀ ਤੋਂ ਪ੍ਰਭਾਵਿਤ ਹੋ ਕੇ ਸ਼ਾਮਲ ਹੋਏ ਹਾਂ ਅਤੇ ਹੁਣ ਬੂਥ—ਬੂਥ ਤੇ ਕਾਂਗਰਸ ਮਜ਼ਬੂਤ ਹੋਵੇਗੀ। ਕਾਂਗਰਸ ਵਿਚ ਸ਼ਾਮਲ ਹੋਣ ਵਾਲੇ ਸਾਥੀਆਂ ਨੂੰ ਆਸ਼ੂ ਬੰਗੜ ਨੇ ਸਿਰੋਪਾਓ ਅਤੇ ਕਾਂਗਰਸ ਦਾ ਚੋਣ ਨਿਸ਼ਾਨ ਹੱਥ ਭੇਟ ਕਰਕੇ ਸਨਮਾਨਿਤ ਕੀਤਾ। ਉਨ੍ਹਾਂ ਐਲਾਨ ਕੀਤਾ ਕਿ ਨਵੇਂ ਵਰਕਰਾਂ ਨੂੰ ਬਣਦਾ ਮਾਣ—ਸਨਮਾਨ ਅਤੇ ਜ਼ਿੰਮੇਵਾਰੀ ਦਿੱਤੀ ਜਾਵੇਗੀ। ਇਸ ਮੌਕੇ ਤੇ ਕਾਂਗਰਸੀ ਵਰਕਰਾਂ ਨੇ ਕਾਂਗਰਸ ਪਾਰਟੀ ਜ਼ਿੰਦਾਬਾਦ, ਰਾਹੁਲ ਗਾਂਧੀ ਜ਼ਿੰਦਾਬਾਦ ਦੇ ਨਾਅਰਿਆਂ ਨਾਲ ਪੰਡਾਲ ਗੂੰਜਾ ਦਿੱਤਾ। ਇਸ ਮੌਕੇ ਹਾਜ਼ਰ ਪ੍ਰਮੁੱਖ ਆਗੂ ਸਤਨਾਮ ਸਿੰਘ ਫਰੀਦੇਵਾਲਾ ਦਫਤਰ ਇੰਚਾਰਜ ਫ਼ਿਰੋਜ਼ਪੁਰ ਕਾਗਰਸ ਕਮੇਟੀ ਕਮਲਪ੍ਰੀਤ ਸਿੰਘ ਗਿੱਲ ਬਲਾਕ ਪ੍ਰਧਾਨ ਘੱਲ ਖੁਰਦ ਕਾਂਗਰਸ ਕਮੇਟੀ ਲਖਵਿੰਦਰ ਸਿੰਘ ਜੰਬਰ ਸਾਬਕਾ ਸਰਪੰਚ ਗੁਰਨਾਮ ਸਿੰਘ ਸੇਰਖਾਂ ਬਲਾਕ ਸੰਮਤੀ ਮੈਂਬਰ ਕਸ਼ਮੀਰ ਸਿੰਘ ਢੇਰੂ ਬਲਾਕ ਸੰਮਤੀ ਮੈਂਬਰ ਕਸ਼ਮੀਰ ਸਿੰਘ ਲੋਹਗੜ ਸਰਬਜੀਤ ਸਿੰਘ ਲੋਹੜ ਜਸਮੋਹਿਤ ਸਿੰਘ ਸਰਪੰਚ ਲੋਹਗੜ ਜਸਵੀਰ ਸਿੰਘ ਲੋਹਗੜ ਪਰਮਜੀਤ ਸਿੰਘ ਮੈਬਰ ਜਗਸੀਰ ਸਿੰਘ ਮੈਬਰ ਸਾਮ ਸਿੰਘ ਗੁਰਸੇਵਕ ਸਿੰਘ ਮੈਬਰ ਜਗਤਾਰ ਸਿੰਘ ਕੁਲਗੜੀ ਸਾਬਕਾ ਸਰਪੰਚ ਮਾਸਟਰ ਕੁਲਵੰਤ ਸਿੰਘ ਸੁਰਸਿੰਘ ਬਲਦੇਵ ਸਿੰਘ ਸਾਬਕਾ ਸਰਪੰਚ ਇੰਦਰਜੀਤ ਸਿੰਘ ਸਾਬਕਾ ਬਾਲਕ ਸੰਮਤੀ ਮੈਂਬਰ ਜਗਸੀਰ ਸਿੰਘ ਕੁਲਗੜੀ ਦੀਪਕ ਢਿੱਲੋ ਸੁਰਸਿੰਘ ਡਾਕਟਰ ਪਰਮਜੀਤ ਸਿੰਘ ਸੁਰਸਿੰਘ ਇੰਦਰਜੀਤ ਸਿੰਘ ਸਾਬਕਾ ਸਰਪੰਚ ਨਾਜੂ ਸ਼ਾਹ ਵਾਲਾ ਬਲਵਿੰਦਰ ਸਿੰਘ ਸੋਡੀ ਨਗਰ ਮਨਜੀਤ ਸਿੰਘ ਸੋਡੀ ਨਗਰ ਸਰਵਣ ਸਿੰਘ ਨੰਬਰਦਾਰ ਸੇਰਖਾ ਭਗਵੰਤ ਸਿੰਘ ਭੰਗਾਲੀ ਸਾਬਕਾ ਸਰਪੰਚ ਕੁਲਬੀਰ ਸਿੰਘ ਠੇਠਰ ਕਲਾਂ ਕਰਮਜੀਤ ਸਿੰਘ ਲਵਲੀ ਹੈਪੀ ਹਰਾਜ ਮੁਨੀਸ ਸੁਲਹਾਨੀ ਮਨਦੀਪ ਸਿੰਘ ਅਨਾਰਕਲੀ ਸੁਲੱਖਣ ਸੁਲਹਾਨੀ ਗਗਨ ਗਾਮੇ ਵਾਲਾ ਅਤੇ ਸਮੂਹ ਸੀਨੀਅਰ ਕਾਂਗਰਸੀ ਆਗੂ ਹਾਜ਼ਰ ਸਨ।

## ਐੱਸ.ਆਈ.ਆਰ : ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਵੱਲੋਂ

# ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ

### ਸਪੈਸ਼ਲ ਇੰਟੈਂਸਿਵ ਰਿਵੀਜ਼ਨ -2026 ਦੇ ਪ੍ਰੋਗਰਾਮ ਤਹਿਤ ਕਰਵਾਈਆਂ ਜਾਣ ਵਾਲੀਆਂ ਵੱਖ ਵੱਖ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐੱਸ.ਆਈ.ਆਰ.) 2026 ਸਬੰਧੀ ਜਾਰੀ ਕੀਤੀਆਂ ਗਈਆਂ ਹਦਾਇਤਾਂ ਬਾਰੇ ਜਾਣਕਾਰੀ ਦੇਣ ਲਈ ਪੂਨਮਦੀਪ ਕੌਰ, ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ, ਸੰਗਰੂਰ ਵੱਲੋਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ/ਸਕੱਤਰ/ਪ੍ਰਧਾਨਾਂ ਨਾਲ ਮੀਟਿੰਗ ਕੀਤੀ ਗਈ। ਜਿਸ ਦੌਰਾਨ ਉਹਨਾਂ ਨੂੰ ਪੰਜਾਬ ਰਾਜ ਵਿੱਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ -2026 ਦੇ ਪ੍ਰੋਗਰਾਮ ਤਹਿਤ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਮਿਤੀਬੱਧ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਗਿਆ।

ਉਨ੍ਹਾਂ ਨੂੰ ਦੱਸਿਆ ਗਿਆ ਕਿ ਪੰਜਾਬ ਰਾਜ ਵਿੱਚ ਮਿਤੀ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ. ਘਰ-ਘਰ ਜਾ ਕੇ ਵੋਟਰ ਸੂਚੀ ਵਿੱਚ ਦਰਜ ਹਰੇਕ ਵੋਟਰ ਨੂੰ Enumeration Form (ਜਿਸ ਵਿੱਚ ਵੋਟਰਾਂ ਦੇ ਕੁਝ ਵੇਰਵੇ ਪਹਿਲਾਂ ਤੋਂ ਹੀ ਦਰਜ ਹੋਣਗੇ) ਮੁਹੱਈਆ ਕਰਵਾਉਣਗੇ।

Enumeration Form ਭਰਨ ਲਈ ਬੀ.ਐਲ.ਓਜ. ਵੋਟਰਾਂ ਦੀ ਸਹਾਇਤਾ ਵੀ ਕਰਨਗੇ। Enumeration Form ਨਾਲ ਵੋਟਰ ਵੱਲੋਂ ਆਪਣੀ ਮੌਜੂਦਾ ਫੋਟੋ ਦੇਣੀ ਲਾਜ਼ਮੀ ਹੋਵੇਗੀ ਪਰੰਤੂ Enumeration Form ਨਾਲ ਕੋਈ ਵੀ ਹੋਰ ਦਸਤਾਵੇਜ਼ ਇਕੱਠੇ ਨਹੀਂ ਕੀਤੇ ਜਾਣਗੇ।

ਜੇਕਰ ਫੀਲਡ ਵਿਜਟ ਦੌਰਾਨ ਕਿਸੇ ਵੋਟਰ ਦਾ ਘਰ ਬੰਦ ਜਾਂ ਲਾਕਡ ਪਾਇਆ ਜਾਂਦਾ ਹੈ ਤਾਂ ਬੀ.ਐਲ.ਓਜ. ਸਬੰਧਤ ਵੋਟਰਾਂ ਦੇ Enumeration Form ਸਮੇਤ Information slip (ਜਿਸ 'ਤੇ ਬੀ.ਐਲ.ਓ ਦੇ ਵੇਰਵੇ ਦਰਜ ਕੀਤੇ ਹੋਣ) ਨੱਥੀ ਕਰਕੇ ਘਰ ਵਿੱਚ ਸੁੱਟ ਦੇਣਗੇ ਅਤੇ ਘਰ ਦੇ ਬਾਹਰ Sticker ਚਿਪਕਾਉਣਗੇ (ਜਿਸ 'ਤੇ 56 ਇਕੱਠੇ ਕਰਨ ਸਬੰਧੀ ਕੀਤੇ ਜਾਣ ਵਾਲੇ ਦੌਰਿਆਂ ਦੇ ਵੇਰਵੇ ਦਰਜ ਕੀਤੇ ਜਾਣੇ ਹਨ)।

ਬੀ.ਐੱਲ.ਓਜ Enumeration Form ਪ੍ਰਾਪਤ ਕਰਨ ਲਈ ਇਸ ਸਮੇਂ ਦੌਰਾਨ ਘੱਟੋ-ਘੱਟ ਤਿੰਨ ਵਾਰ ਸਬੰਧਤ ਘਰਾਂ ਦਾ ਦੌਰਾ ਕਰਨਗੇ।

ਵੋਟਰ ਸੂਚੀ ਦੀ ਡਰਾਫਟ ਪਬਲਿਕੇਸ਼ਨ ਮਿਤੀ 03.08.2026 ਨੂੰ ਕੀਤੀ ਜਾਣੀ ਹੈ। ਦਾਅਵੇ ਅਤੇ ਇਤਰਾਜ਼ ਮਿਤੀ 03.08.2026 ਤੋਂ ਮਿਤੀ 02.09.2026 ਤਕ ਲਏ ਜਾਣਗੇ, ਜਿਹਨਾਂ ਦਾ ਨਿਪਟਾਰਾ ਮਿਤੀ 03.08.2026 ਤੋਂ 28.09.2026 ਤਕ ਕਰਦੇ ਹੋਏ ਮਿਤੀ 01.10.2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ।

ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ, ਸੰਗਰੂਰ ਪੂਨਮਦੀਪ ਕੌਰ ਵੱਲੋਂ ਇਸ ਮੀਟਿੰਗ ਵਿੱਚ ਹਾਜ਼ਰ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਵੋਟਰ ਸੂਚੀਆਂ ਦੀ ਸਪੈਸ਼ਲ ਇੰਨਟੈਨਸਿਵ ਰਵੀਜ਼ਨ ਵਿੱਚ ਬੀ.ਐਲ.ਓ. ਨੂੰ ਪੂਰਾ ਸਹਿਯੋਗ ਦੇਣ। ਇਸ ਤੋਂ ਇਲਾਵਾ ਜੇਕਰ ਕਿਸੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀ ਵੱਲੋਂ ਹਾਲੇ ਤਕ ਬੂਥ ਲੈਵਲ ਏਜੰਟਾਂ (ਬੀ.ਐਲ.ਏ) ਦੀ ਨਿਯੁਕਤੀ ਨਹੀਂ ਕੀਤੀ ਗਈ ਹੈ ਤਾਂ ਉਹ ਤੁਰੰਤ ਬੀ.ਐਲ.ਏ. -2 ਦੇ ਨਿਰਧਾਰਤ ਫਾਰਮ ਭਰ ਕੇ ਚੋਣਕਾਰ ਰਜਿਸਟਰੇਸ਼ਨ ਅਫਸਰਾਂ ਦੇ ਦਫਤਰਾਂ ਪਾਸ ਜਮ੍ਹਾਂ ਕਰਵਾਉਣ ਤਾਂ ਜੋ ਐਸ.ਆਈ.ਆਰ. ਤਹਿਤ ਬੀ.ਐਲ.ਓਜ਼. ਦੇ ਹਾਊਸ ਟੂ ਹਾਊਸ ਵਿਜਿਟ ਤੋਂ ਪਹਿਲਾਂ ਪਹਿਲਾਂ ਹਰ ਬੂਥ 'ਤੇ ਹਰ ਪਾਰਟੀ ਦੇ ਬੀ.ਐਲ.ਏ. ਨਿਯੁਕਤ ਕੀਤੇ ਗਏ ਹੋਣ। ਇਸ ਮੀਟਿੰਗ ਵਿੱਚ ਸ੍ਰੀ ਜੋਗਾ ਸਿੰਘ (ਸੀ.ਪੀ.ਆਈ.ਐੱਮ) ਸ਼੍ਰੀ ਹਰਮੇਲ ਸਿੰਘ (ਬਹੁਜਨ ਸਮਾਜ ਪਾਰਟੀ), ਸ਼੍ਰੀ ਸੁਰੇਸ਼ ਬੇਦੀ (ਭਾਰਤੀ ਜਨਤਾ ਪਾਰਟੀ), ਸ਼੍ਰੀ ਸ਼ੇਰ ਸਿੰਘ ਬੱਲੇਵਾਲ (ਸ਼੍ਰੋਮਣੀ ਅਕਾਲੀ ਦਲ), ਸ੍ਰੀ ਰੌਕੀ ਬਾਂਸਲ (ਇੰਡੀਅਨ ਨੈਸ਼ਨਲ ਕਾਂਗਰਸ) ਸ਼੍ਰੀ ਹਰਪਾਲ ਸਿੰਘ ਸੋਨੂੰ (ਇੰਡੀਅਨ ਨੈਸ਼ਨਲ ਕਾਂਗਰਸ), ਸ਼੍ਰੀ ਗੁਰਨੈਬ ਸਿੰਘ (ਸ਼੍ਰੋਮਣੀ ਅਕਾਲੀ ਦਲ)(ਅੰਮ੍ਰਿਤਸਰ)), ਸ਼੍ਰੀ ਹਰਪਾਲ ਸਿੰਘ (ਆਮ ਆਦਮੀ ਪਾਰਟੀ), ਸ਼੍ਰੀ ਸੋਨੂੰ ਸਿੰਘ (ਆਮ ਆਦਮੀ ਪਾਰਟੀ) ਤੋਂ ਇਲਾਵਾ ਸ਼੍ਰੀ ਅੰਕੁਰ ਮਹਿੰਦਰੂ, ਵਧੀਕ ਡਿਪਟੀ ਕਮਿਸ਼ਨਰ (ਜ.) ਸੰਗਰੂਰ, ਸ਼੍ਰੀ ਸੁਖਚੈਨ ਸਿੰਘ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੰਗਰੂਰ, ਸ਼੍ਰੀ ਰਾਜਵੀਰ ਸਿੰਘ ਸਹਾਇਕ ਕਮਿਸ਼ਨਰ (ਜ) ਸੰਗਰੂਰ, ਸ਼੍ਰੀਮਤੀ ਪਰਮਜੀਤ ਕੌਰ, ਚੋਣ ਤਹਿਸੀਲਦਾਰ ਅਤੇ ਚੋਣ ਸਟਾਫ ਹਾਜ਼ਰ ਸਨ।

# ਉੱਤਰਾਖੰਡ ਤੇ ਹਿਮਾਚਲ ਚ ਸਿੱਖ ਯਾਤਰੀਆਂ ਤੇ ਹੋਏ ਹਮਲਿਆਂ ਦੇ ਰੋਸ ਵਜੋਂ ਫਿਰੋਜ਼ਪੁਰ ਵਿਖੇ 24 ਜੂਨ ਨੂੰ ਕੱਢਿਆ ਜਾਵੇਗਾ ਵਿਸ਼ਾਲ ਰੋਸ ਮਾਰਚ

**ਫ਼ਿਰੋਜ਼ਪੁਰ, 23 ਜੂਨ (ਮਨੋਹਰ ਲਾਲ) :—** ਪਿਛਲੇ ਕੁਝ ਸਮੇਂ ਤੋਂ ਗੁਆਂਢੀ ਰਾਜਾਂ ਉੱਤਰਾਖੰਡ ਅਤੇ ਹਿਮਾਚਲ ਪ੍ਰਦੇਸ਼ ਵਿੱਚ ਸਿੱਖ ਸ਼ਰਧਾਲੂਆਂ ਅਤੇ ਯਾਤਰੀਆਂ ਤੇ ਹੋ ਰਹੇ ਲਗਾਤਾਰ ਹਮਲਿਆਂ ਅਤੇ ਬਦਸਲੂਕੀ ਦੀਆਂ ਘਟਨਾਵਾਂ ਨੂੰ ਲੈ ਕੇ ਸਿੱਖ ਜਗਤ ਅਤੇ ਕਿਸਾਨ ਜਥੇਬੰਦੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸੇ ਗੰਭੀਰ ਮੁੱਦੇ ਨੂੰ ਲੈ ਕੇ ਫਿਰੋਜ਼ਪੁਰ ਦੀਆਂ ਸਮੂਹ ਪੰਥਕ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਇੱਕਜੁੱਟ ਹੋ ਕੇ 24 ਜੂਨ 2026 ਦਿਨ ਬੁੱਧਵਾਰ ਨੂੰ ਇੱਕ ਵਿਸ਼ਾਲ ਰੋਸ ਮਾਰਚ ਕੱਢਣ ਦਾ ਫੈਸਲਾ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮਾਨ ਸਿੰਘ ਕਿੱਲੀ ਮਿਸਲ ਸਤਲੁਜ਼ ਅਤੇ ਲਾਡੀ ਗੱਬਰ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਨੇ ਦੱਸਿਆ ਕਿ ਇਹ ਰੋਸ ਮਾਰਚ ਸਵੇਰੇ 10 ਵਜੇ ਸਥਾਨਕ ਖਾਲਸਾ ਗੁਰਦੁਆਰਾ ਛਾਉਣੀ ਤੋਂ ਸ਼ੁਰੂ ਹੋਵੇਗਾ। ਉਨ੍ਹਾਂ ਦੱਸਿਆ ਕਿ ਗੁਰੂ ਚਰਨਾਂ ਵਿੱਚ ਅਰਦਾਸ ਕਰਨ ਉਪਰੰਤ ਇਹ ਮਾਰਚ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਮਾਰਗਾਂ ਤੋਂ ਹੁੰਦਾ ਹੋਇਆ ਡੀ.ਸੀ. ਦਫ਼ਤਰ ਫਿਰੋਜ਼ਪੁਰ ਤੱਕ ਪਹੁੰਚੇਗਾ, ਜਿਥੇ ਪ੍ਰਸ਼ਾਸਨ ਦੇ ਰਾਹੀਂ ਸਰਕਾਰ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਜਾਵੇਗਾ। ਜਥੇਬੰਦੀਆਂ ਦੇ ਆਗੂਆਂ ਦਾ ਕਹਿਣਾ ਹੈ ਕਿ ਦੇਸ਼ ਦੇ ਵੱਖ—ਵੱਖ ਹਿੱਸਿਆਂ ਅਤੇ ਖਾਸ ਕਰਕੇ ਪਹਾੜੀ ਰਾਜਾਂ (ਹਿਮਾਚਲ ਅਤੇ ਉੱਤਰਾਖੰਡ) ਵਿੱਚ ਧਾਰਮਿਕ ਯਾਤਰਾਵਾਂ ਤੇ ਜਾਣ ਵਾਲੇ ਸਿੱਖ ਸ਼ਰਧਾਲੂਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਜੋ ਕਿ ਬੇਹੱਦ ਮੰਦਭਾਗਾ ਅਤੇ ਚਿੰਤਾਜਨਕ ਹੈ। ਹਾਲ ਹੀ ਵਿੱਚ ਹੋਈਆਂ ਕੁਝ ਹਿੰਸਕ ਘਟਨਾਵਾਂ ਦੀਆਂ ਤਸਵੀਰਾਂ ਅਤੇ ਵੀਡੀਓਜ਼ ਵੀ ਸਾਹਮਣੇ ਆਈਆਂ ਹਨ, ਜਿਨ੍ਹਾਂ ਵਿੱਚ ਸ਼ਰਧਾਲੂਆਂ ਨਾਲ ਕੁੱਟਮਾਰ ਹੁੰਦੀ ਦਿਖਾਈ ਦੇ ਰਹੀ ਹੈ। ਪੰਥਕ ਆਗੂਆਂ ਨੇ ਮੰਗ ਕੀਤੀ ਹੈ ਕਿ ਅਜਿਹੇ ਸ਼ਰਾਰਤੀ ਅਤੇ ਫਿਰਕੂ ਅਨਸਰਾਂ ਖਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਯਾਤਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ।

ਸਮੂਹ ਪੰਥਕ ਅਤੇ ਕਿਸਾਨ ਜਥੇਬੰਦੀਆਂ ਫ਼ਿਰੋਜ਼ਪੁਰ ਵੱਲੋਂ ਇਲਾਕੇ ਦੀਆਂ ਸਮੂਹ ਇਨਸਾਫਪਸੰਦ ਸੰਗਤਾਂ, ਨੌਜਵਾਨਾਂ ਅਤੇ ਕਿਸਾਨਾਂ, ਮਜ਼ਦੂਰ ਵੀਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਗਈ ਕਿ ਉਹ ਆਪਣਾ ਧਾਰਮਿਕ ਅਤੇ ਨੈਤਿਕ ਫਰਜ ਸਮਝਦੇ ਹੋਏ ਇਸ ਰੋਸ ਮਾਰਚ ਵਿਚ ਵੱਧ ਤੋਂ ਵੱਧ ਗਿਣਤੀ ਵਿਚ ਸ਼ਾਮਲ ਹੋਣ। ਆਗੂਆਂ ਨੇ ਕਿਹਾ ਕਿ ਇਹ ਮਾਰਚ ਪੂਰਨ ਤੌਰ ਤੇ ਸ਼ਾਂਤਮਈ ਅਤੇ ਅਨੁਸਾਸ਼ਨਬੱਧ ਹੋਵੇਗਾ, ਜਿਸ ਦਾ ਮੁੱਖ ਮਕ'ਦ ਸਿੱਖਾਂ ਦੇ ਮਾਣ—ਸਨਮਾਨ ਅਤੇ ਸੁਰੱਖਿਆ ਲਈ ਆਵਾਜ ਬੁਲੰਦ ਕਰਨਾ ਹੈ।

# ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਹੋਈ ਹੰਗਾਮੀ ਮੀਟਿੰਗ

## ਫੀਲਡ ਚ ਡਿਊਟੀ ਨਿਭਾਉਣ ਸਮੇਂ ਆਉਂਦੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਹੋਈ ਚਰਚਾ ਪ੍ਰਧਾਨ ਚੰਦੀ



**ਜੰਡਿਆਲਾ ਗੁਰੂ, 23 ਜੂਨ (ਕੁਲਵੰਤ ਸਿੰਘ ਵਿਰਦੀ)**-ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਇੱਕ ਅਹਿਮ ਮਾਸਿਕ ਮੀਟਿੰਗ ਜੰਡਿਆਲਾ ਗੁਰੂ ਵਿਖੇ ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਚੰਦੀ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਕਲੱਬ ਦੇ ਅਹੁਦੇਦਾਰਾਂ ਅਤੇ ਮੈਂਬਰ ਪੱਤਰਕਾਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਅਤੇ ਪੱਤਰਕਾਰ ਭਾਈਚਾਰੇ ਨਾਲ ਜੁੜੇ ਵੱਖ-ਵੱਖ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ।ਮੀਟਿੰਗ ਦੌਰਾਨ ਪੱਤਰਕਾਰਾਂ ਨੂੰ ਫੀਲਡ ਵਿੱਚ ਡਿਊਟੀ ਨਿਭਾਉਣ ਸਮੇਂ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੈਂਬਰਾਂ ਨੇ ਕਿਹਾ ਕਿ ਖ਼ਬਰਾਂ ਇਕੱਠੀਆਂ ਕਰਨ ਦੌਰਾਨ ਕਈ ਵਾਰ ਪ੍ਰਸ਼ਾਸਨਿਕ ਅੜਚਣਾਂ, ਸੁਰੱਖਿਆ ਸਬੰਧੀ ਚੁਣੌਤੀਆਂ ਅਤੇ ਹੋਰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਨ੍ਹਾਂ ਦੇ ਹੱਲ ਲਈ ਸਾਂਝੇ ਯਤਨਾਂ ਦੀ ਲੋੜ ਹੈ। ਇਸ ਮੌਕੇ ਪੱਤਰਕਾਰਾਂ ਦੀ ਸੁਰੱਖਿਆ, ਮਾਣ-ਸਨਮਾਨ ਅਤੇ ਪੇਸ਼ੇਵਰ ਹੱਕਾਂ ਦੀ ਰੱਖਿਆ ਲਈ ਕਲੱਬ ਵੱਲੋਂ ਹਰ ਸੰਭਵ ਕਦਮ ਚੁੱਕਣ ਦਾ ਭਰੋਸਾ ਦਿੱਤਾ ਗਿਆ ।ਮਾਝਾ ਪ੍ਰੈਸ ਦੇ ਸਰਪ੍ਰਸਤ ਭੁਪਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੱਤਰਕਾਰ ਲੋਕਤੰਤਰ ਦਾ ਚੌਥਾ ਸਤੰਭ ਹਨ ਅਤੇ ਉਹ ਹਰ ਹਾਲਾਤ ਵਿੱਚ ਨਿਰਪੱਖ ਅਤੇ ਸੱਚੀ ਪੱਤਰਕਾਰੀ ਕਰਦੇ ਹੋਏ ਸਮਾਜ ਨੂੰ ਜਾਗਰੂਕ ਕਰਨ ਦਾ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮਾਝਾ ਪ੍ਰੈੱਸ ਕਲੱਬ ਆਪਣੇ ਮੈਂਬਰਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਪੱਤਰਕਾਰ ਭਾਈਚਾਰੇ ਦੀ ਭਲਾਈ ਲਈ ਕਾਰਜ ਕਰਦਾ ਰਹੇਗਾ ।ਮੀਟਿੰਗ ਦੇ ਅੰਤ ਵਿੱਚ ਕਲੱਬ ਦੀਆਂ ਭਵਿੱਖੀ ਗਤੀਵਿਧੀਆਂ, ਸਮਾਜਿਕ ਸਰੋਕਾਰਾਂ ਨਾਲ ਜੁੜੇ ਪ੍ਰੋਗਰਾਮਾਂ ਅਤੇ ਪੱਤਰਕਾਰਾਂ ਦੀ ਏਕਤਾ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵੀ ਵਿਚਾਰ ਸਾਂਝੇ ਕੀਤੇ ਗਏ ।ਇਸ ਮੌਕੇ ਚੇਅਰਮੈਨ ਪਰਗਟ ਸਿੰਘ ,ਵਾਈਸ ਪ੍ਰਧਾਨ ਗੁਰਦੇਵ ਸਿੰਘ ਮਨਜੋਤਰਾ, ਸਕੱਤਰ ਜਗਤਾਰ ਸਿੰਘ,ਕੈਸ਼ੀਅਰ ਭੋਲਾ,ਪ੍ਰੈਸ ਸਕੱਤਰ ਅਨਿਲ ਕੁਮਾਰ,ਸਲਾਹਕਾਰ ਡਾ ਮਨਾਰਾਜ ਸਿੰਘ ਅਤੇ ਬਾਕੀ ਮੈਂਬਰਾਂ ਨੇ ਪੱਤਰਕਾਰੀ ਦੇ ਉੱਚ ਮਿਆਰਾਂ ਨੂੰ ਕਾਇਮ ਰੱਖਣ ਅਤੇ ਲੋਕ ਹਿੱਤ ਦੇ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਣ ਦਾ ਸੰਕਲਪ ਲਿਆ।

# ਸਰਕਾਰਾਂ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਲਈ ਕਰ ਰਹੀਆਂ ਹਨ ਕੋਝੇ ਯਤਨ : ਐਡਵੋਕੇਟ ਧਾਮੀ

ਨਵੀਂ ਦਿੱਲੀ, 23 ਜੂਨ (ਮਨਪ੍ਰੀਤ ਸਿੰਘ ਖਾਲਸਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮਹਾਰਾਸ਼ਟਰ ਸਰਕਾਰ ਵੱਲੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਅਬਚਲਨਗਰ ਨਾਂਦੇੜ ਦੇ ਪ੍ਰਬੰਧ ਸਬੰਧੀ 1956 ਦੇ ਐਕਟ ਨੂੰ ਰੱਦ ਕਰਕੇ ਨਵਾਂ ਕਾਨੂੰਨ ਬਣਾਉਣ ਦੇ ਫ਼ੈਸਲੇ 'ਤੇ ਗਹਿਰੀ ਚਿੰਤਾ ਪ੍ਰਗਟ ਕੀਤੀ ਹੈ।



ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਸਿੱਖ ਕੌਮ ਦੇ ਪੰਜ ਤਖ਼ਤਾਂ ਵਿੱਚੋਂ ਇੱਕ ਮਹਾਨ ਪਾਵਨ ਅਸਥਾਨ ਹੈ, ਜਿਸ ਦੀ ਮਰਯਾਦਾ, ਪ੍ਰਬੰਧ ਅਤੇ ਧਾਰਮਿਕ ਖ਼ੁਦਮੁਖਤਿਆਰੀ ਨਾਲ ਜੁੜੇ ਕਿਸੇ ਵੀ ਫ਼ੈਸਲੇ ਤੋਂ ਪਹਿਲਾਂ ਸਿੱਖ ਸੰਸਥਾਵਾਂ, ਤਖ਼ਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ ਅਤੇ ਸਿੱਖਾਂ ਦੀ ਨੁਮਾਇੰਦਾ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਲਾਹ-ਮਸ਼ਵਰਾ ਕਰਨਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਲਈ ਅਜਿਹੇ ਕੋਝੇ ਯਤਨ ਕਰ ਰਹੀਆਂ ਹਨ, ਜਿਨ੍ਹਾਂ ਨੂੰ ਸਿੱਖ ਸੰਗਤਾਂ ਕਦੇ ਵੀ ਪ੍ਰਵਾਨ ਨਹੀਂ ਕਰਨਗੀਆਂ। ਐਡਵੋਕੇਟ ਧਾਮੀ ਨੇ ਕਿਹਾ ਕਿ ਪ੍ਰਾਪਤ ਜਾਣਕਾਰੀ ਅਨੁਸਾਰ ਮਹਾਰਾਸ਼ਟਰ ਸਰਕਾਰ ਦੇ ਮੰਤਰੀ ਮੰਡਲ ਵੱਲੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਨਾਲ ਸਬੰਧਤ ਕਾਨੂੰਨ ਨੂੰ ਪੁਰਾਣਾ ਦੱਸ ਕੇ ਮਨਮਰਜ਼ੀ ਨਾਲ ਸੋਧ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਗੁਰਦੁਆਰਾ ਪ੍ਰਬੰਧ ਵਿੱਚ ਸਰਕਾਰ ਦੀ ਸਿੱਧੀ ਦਖ਼ਲਅੰਦਾਜ਼ੀ ਹੈ। ਉਨ੍ਹਾਂ ਕਿਹਾ ਕਿ ਸਾਲ 2024 ਵਿੱਚ ਵੀ ਮਹਾਰਾਸ਼ਟਰ ਸਰਕਾਰ ਵੱਲੋਂ ਗੁਰਦੁਆਰਾ ਬੋਰਡ ਵਿੱਚ ਸਰਕਾਰੀ ਨਾਮਜ਼ਦ ਮੈਂਬਰਾਂ ਦੀ ਗਿਣਤੀ ਵਧਾਉਣ ਅਤੇ ਸਿੱਖ ਸੰਸਥਾਵਾਂ ਦੇ ਨੁਮਾਇੰਦਿਆਂ ਦੀ ਗਿਣਤੀ ਘਟਾਉਣ ਦਾ ਯਤਨ ਕੀਤਾ ਗਿਆ ਸੀ। ਉਸ ਸਮੇਂ ਸਿੱਖ ਸੰਗਤਾਂ ਦੇ ਤਿੱਖੇ ਵਿਰੋਧ ਮਗਰੋਂ ਸਰਕਾਰ ਨੂੰ ਆਪਣਾ ਫ਼ੈਸਲਾ ਵਾਪਸ ਲੈਣਾ ਪਿਆ ਸੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਸਿੱਖ ਗੁਰਧਾਮਾਂ ਦੇ ਪ੍ਰਬੰਧਾਂ ਵਿੱਚ ਸਰਕਾਰੀ ਪ੍ਰਭਾਵ ਵਧਾਉਣ ਵਾਲੀਆਂ ਕਾਰਵਾਈਆਂ ਨੂੰ ਤੁਰੰਤ ਬੰਦ ਕੀਤਾ ਜਾਵੇ ਅਤੇ ਸ੍ਰੀ ਹਜ਼ੂਰ ਸਾਹਿਬ ਗੁਰਦੁਆਰਾ ਬੋਰਡ ਨਾਲ ਸਬੰਧਤ 1956 ਦੇ ਐਕਟ ਨੂੰ ਰੱਦ ਕਰਨ ਦੀ ਪ੍ਰਕਿਰਿਆ ਤੁਰੰਤ ਰੋਕੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਕਾਲੀ ਦਲ ਵਾਰਿਸ ਪੰਜਾਬ ਦੇ ਦੀ

# ਦਿਨੋਂ-ਦਿਨ ਵਧ ਰਹੀ ਚੜ੍ਹਤ ਤੋਂ ਵਿਰੋਧੀ ਧਿਰਾਂ ਵਿੱਚ ਬੇਚੈਨੀ : ਮਾਤਾ ਬਲਵਿੰਦਰ ਕੌਰ




**ਅੰਮ੍ਰਿਤਸਰ**, 23 ਜੂਨ (**ਆਵਾਜ਼ਿ ਕੌਮ ਬਿਊਰੋ**)-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਚਲਾਈ ਜਾ ਰਹੀ "ਪੰਥ ਬਚਾਓ, ਪੰਜਾਬ ਬਚਾਓ" ਮੁਹਿੰਮ ਤਹਿਤ ਹਲਕਾ ਅੰਮ੍ਰਿਤਸਰ ਦੱਖਣੀ ਦੇ ਪਿੰਡ ਸੁਲਤਾਨਵਿੰਡ ਦੀ ਵਾਰਡ ਨੰਬਰ 6 ਪੰਡੋਰਾ ਵਿਖੇ ਬੀਬਾ ਕੁਲਦੀਪ ਕੌਰ ਸਹੋਤਾ ਦੀ ਅਗਵਾਈ ਅਤੇ ਸ੍ਰ. ਕੁਲਵੰਤ

## ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੀ ਪੰਜਾਬ ਪੱਖੀ ਸੋਚ ਅਤੇ ਸੰਘਰਸ਼ ਨੂੰ ਘਰ-ਘਰ ਤੱਕ ਪਹੁੰਚਾਉਣਾ ਸਮੇਂ ਦੀ ਲੋੜ

ਸਿੰਘ ਸੈਦੋਲੇਹਲ ਦੇ ਵਿਸ਼ੇਸ਼ ਯਤਨਾਂ ਸਦਕਾ ਇੱਕ ਵਿਸ਼ਾਲ ਪੰਥਕ ਇਕੱਤਰਤਾ ਕੀਤੀ ਗਈ। ਇਸ ਮੌਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਸਤਿਕਾਰਯੋਗ ਮਾਤਾ ਬੀਬੀ ਬਲਵਿੰਦਰ ਕੌਰ ਜੀ, ਬੀਬਾ ਮਨਵੀਰ ਕੌਰ (ਆਸਟ੍ਰੇਲੀਆ), ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਭਾਈ ਅਮਨਦੀਪ ਸਿੰਘ ਡੱਡੂਆਣਾ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਪ੍ਰਿਤਪਾਲ ਸਿੰਘ ਮੀਰਾਂਕੋਟ, ਭਾਈ ਦਲਜੀਤ ਸਿੰਘ ਢਿੱਲੋਂ, ਭਾਈ ਕਸ਼ਮੀਰ ਸਿੰਘ ਨਵਾਦਾ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਹਰਕਮਲਪ੍ਰੀਤ ਸਿੰਘ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਹਰਪ੍ਰੀਤ ਸਿੰਘ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਜਸਪਾਲ ਸਿੰਘ ਸਾਹਬੀ, ਸ੍ਰ. ਜਗੀਰ ਸਿੰਘ, ਸ੍ਰ. ਗੁਰਜੀਤ ਸਿੰਘ ਖ਼ਾਲਸਾ, ਸ੍ਰ. ਪ੍ਰਗਟ ਸਿੰਘ, ਸ੍ਰ. ਸ਼ੇਰ ਸਿੰਘ ਰੰਧਾਵਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਰਕਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਮਾਤਾ ਬਲਵਿੰਦਰ ਕੌਰ ਜੀ ਅਤੇ ਸਮੂਹ ਪਹੁੰਚੀ ਲੀਡਰਸ਼ਿਪ ਦਾ ਸ੍ਰ. ਕੁਲਵੰਤ ਸਿੰਘ ਸੈਦੋਲੇਹਲ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ, ਜਦਕਿ ਬੀਬਾ ਕੁਲਦੀਪ ਕੌਰ ਸਹੋਤਾ ਵੱਲੋਂ ਸਿਰੋਪਾਓ ਭੇਟ ਕਰਕੇ ਸਮੂਹ ਆਗੂਆਂ ਦਾ ਸਨਮਾਨ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਮਾਤਾ ਬਲਵਿੰਦਰ ਕੌਰ ਜੀ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਦਿਨੋਂ-ਦਿਨ ਵਧ ਰਹੀ ਚੜ੍ਹਤ ਤੋਂ ਰਵਾਇਤੀ ਸਿਆਸੀ ਧਿਰਾਂ ਵਿੱਚ ਬੇਚੈਨੀ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਪੰਥ ਅਤੇ ਪੰਜਾਬ ਦੇ ਮੁੱਦਿਆਂ 'ਤੇ ਸੱਚੀ ਤੇ ਨਿਡਰ ਆਵਾਜ਼ ਉਠਾਉਣ ਵਾਲੀ ਧਿਰ ਨਾਲ ਜੁੜ ਰਹੇ ਹਨ ਅਤੇ ਇਹੀ ਕਾਰਨ ਹੈ ਕਿ ਪਾਰਟੀ ਦਾ ਜਨ-ਅਧਾਰ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਪੰਜਾਬ, ਪੰਜਾਬੀਅਤ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਕੀਤੇ ਜਾ ਰਹੇ ਸੰਘਰਸ਼ ਨੂੰ ਘਰ-ਘਰ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਸੰਬੋਧਨ ਕਰਦਿਆਂ ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੇ ਬਹੁਤ ਹੀ ਥੋੜ੍ਹੇ ਸਮੇਂ ਵਿੱਚ ਪੰਜਾਬ ਦੇ ਨੌਜਵਾਨਾਂ ਅੰਦਰ ਨਵੀਂ ਚੇਤਨਾ ਅਤੇ ਪੰਥਕ ਜਾਗਰੂਕਤਾ ਪੈਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਦੀ ਨਿਡਰ, ਸਿਧਾਂਤਕ ਅਤੇ ਪੰਜਾਬ ਪੱਖੀ ਸੋਚ ਵਾਲੀ ਅਗਵਾਈ ਕਾਰਨ ਅੱਜ ਪੰਜਾਬ ਦੇ ਹਰ ਵਰਗ ਦਾ ਵਿਸ਼ਵਾਸ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜ ਰਿਹਾ ਹੈ। ਉਨ੍ਹਾਂ ਕਿਹਾ ਕਿ "ਪੰਥ ਬਚਾਓ, ਪੰਜਾਬ ਬਚਾਓ" ਮੁਹਿੰਮ ਨੂੰ ਲੋਕਾਂ ਵੱਲੋਂ ਮਿਲ ਰਿਹਾ ਭਰਵਾਂ ਹੁੰਗਾਰਾ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਦੇ ਲੋਕ 2027 ਵਿੱਚ ਪੰਥਕ ਸਰਕਾਰ ਚਾਹੁੰਦੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਪੰਥਕ ਲਹਿਰ ਹੋਰ ਵੀ ਮਜ਼ਬੂਤ ਹੋ ਕੇ ਉਭਰੇਗੀ। ਬੁਲਾਰਿਆਂ ਨੇ ਆਪਣੇ ਸੰਬੋਧਨਾਂ ਵਿੱਚ ਨੌਜਵਾਨਾਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੁੜਨ, ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਅਤੇ ਪੰਜਾਬ ਦੇ ਹੱਕਾਂ ਲਈ ਇਕਜੁੱਟ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ।



ਆਵਾਜ਼ਿ ਕੌਮ AWAZE QAUM International Newspaper & WEB TV

## ਮਾਤਾ ਖੀਵੀ ਇਸਤਰੀ ਸਤਿਸੰਗ ਸਭਾ ਗੋਬਿੰਦਪੁਰੀ ਨੇ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ 'ਸਲਾਨਾ ਕੀਰਤਨ ਸਮਾਗਮ' ਕਰਵਾਇਆ

☛ ਪੰਜਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਸਾਨੂੰ ਗੁਰੂ ਦੀ ਰਜ਼ਾ ਵਿੱਚ ਰਾਜ਼ੀ ਰਹਿਣ ਦਾ ਸੰਦੇਸ਼ ਦਿੰਦੀ ਹੈ: ਬੀਬੀ ਆਤਿਸ਼ੀ ਸਿੰਘ ☛ ਗੁਰਪੁਰਬ ਮੌਕੇ ਠੰਡੇ ਤੇ ਮਿੱਠੇ ਜਲ ਦੀ ਛਬੀਲ ਲਗਾਈ ਅਤੇ ਗੁਰੂ ਕਾ ਲੰਗਰ ਅਤੁਟ ਵਰਤਾਇਆ ਗਿਆ




**ਨਵੀਂ ਦਿੱਲੀ**, 23 ਜੂਨ (**ਸੁਖਰਾਜ ਸਿੰਘ**)-ਮਾਤਾ ਖੀਵੀ ਇਸਤਰੀ ਸਤਿਸੰਗ ਸਭਾ, ਗਲੀ ਨੰਬਰ-7, ਗੋਬਿੰਦਪੁਰੀ, ਨਵੀਂ ਦਿੱਲੀ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹਾਦਤ ਦਿਹਾੜੇ ਨੂੰ ਸਮਰਪਿਤ "ਸਲਾਨਾ ਕੀਰਤਨ ਸਮਾਗਮ" ਉਲੀਕੇ ਗਏ। ਜਿਸ ਵਿੱਚ ਭਾਈ ਕੁਲਵਿੰਦਰ ਸਿੰਘ ਖਰੜ, ਢਾਡੀ ਜੱਥਾ ਗਿਆਨੀ ਲਖਵਿੰਦਰ ਸਿੰਘ ਪਾਰਸ, ਭਾਈ ਮਨਜੀਤ ਸਿੰਘ, ਮਾਤਾ ਖੀਵੀ ਇਸਤਰੀ ਸਤਿਸੰਗ ਸਭਾ ਤੇ ਬਾਬਾ ਫਤਿਹ ਸਿੰਘ ਇਸਤਰੀ ਸਤਿਸੰਗ ਸਭਾ ਦੇ ਜੱਥਿਆਂ ਨੇ ਕੀਰਤਨ ਅਤੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਕਾਲਕਾ ਜੀ ਵਿਧਾਨ ਸਭਾ ਦੀ ਵਿਧਾਇਕਾ ਅਤੇ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਸਿੰਘ ਨੇ ਸਮਾਗਮ ਵਿੱਚ ਹਾਜ਼ਰੀ ਭਰ ਕੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਨੂੰ ਨਮਨ ਕਰਦਿਆਂ ਆਖਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਸਾਨੂੰ ਗੁਰੂ ਦੀ ਰਜ਼ਾ ਵਿੱਚ ਰਾਜ਼ੀ ਰਹਿਣ ਦਾ ਸੰਦੇਸ਼ ਦਿੰਦੀ ਹੈ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ੍ਰ. ਸੁਰਜੀਤ ਸਿੰਘ ਤੇ ਜਨਰਲ ਸਕੱਤਰ ਸ੍ਰ. ਹਰਦਿੱਤ ਸਿੰਘ ਗੋਬਿੰਦਪੁਰੀ ਨੇ ਬੀਬੀ ਆਤਿਸ਼ੀ ਸਿੰਘ ਨੂੰ ਯਾਦਗਾਰ ਚਿੰਨ੍ਹ ਦੇ ਕੇ ਧੰਨਵਾਦ ਕੀਤਾ। ਇਸ ਮੌਕੇ ਜਨਰਲ ਸਕੱਤਰ ਹਰਦਿੱਤ ਸਿੰਘ ਗੋਬਿੰਦਪੁਰੀ ਨੇ ਵਿਚਾਰ ਸਾਂਝੇ ਕਰਦਿਆਂ ਮਾਤਾ ਖੀਵੀ ਇਸਤਰੀ ਸਤਿਸੰਗ ਸਭਾ ਦੀ ਮੁੱਖ ਸੇਵਾਦਾਰ ਬੀਬੀ ਚਰਨਜੀਤ ਕੌਰ ਤੇ ਬੀਬੀ ਜਗਜੀਤ ਕੌਰ ਸਹਿਤ ਸਮੁੱਚੇ ਜਥੇ ਦਾ ਹਰ ਵਰ੍ਹੇ ਸਲਾਨਾ ਕੀਰਤਨ ਸਮਾਗਮ ਦਾ ਉਪਰਾਲਾ ਕਰਨ ਲਈ ਸ਼ਲਾਘਾ ਕੀਤੀ ਤੇ ਜਥੇ ਵੱਲੋਂ ਗੁਰਦੁਆਰਾ ਸਾਹਿਬ ਲਈ ਕੀਤੀਆਂ ਜਾ ਰਹੀਆਂ ਸ਼ਲਾਘਾਯੋਗ ਸੇਵਾਵਾਂ ਲਈ ਧੰਨਵਾਦ ਕੀਤਾ। ਹਰਦਿੱਤ ਸਿੰਘ ਗੋਬਿੰਦਪੁਰੀ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਸਾਨੂੰ ਸੰਦੇਸ਼ ਦਿੰਦੀ ਹੈ ਕਿ ਮੁਸ਼ਕਲ ਬੇਸ਼ੱਕ ਬਹੁਤ ਵੱਡੀ ਹੋਵੇ ਪਰ ਸੱਚ ਅਤੇ ਧਰਮ ਨਹੀਂ ਛੱਡਣਾ ਚਾਹੀਦਾ, ਸਗੋਂ ਧੀਰਜ ਤੇ ਸਹਿਨਸ਼ੀਲਤਾ ਨਾਲ ਮੁਸ਼ਿਕਲ ਦਾ ਡੱਟ ਕੇ ਮੁਕਾਬਲਾ ਕਰਨਾ ਚਾਹੀਦਾ ਹੈ ਅਤੇ ਨਾਲ ਹੀ ਧਰਮ ਦੀ ਆਜ਼ਾਦੀ ਲਈ ਕੋਈ ਵੀ ਕੁਰਬਾਨੀ ਦੇਣ ਲਈ ਤਿਆਰ ਬਰ ਤਿਆਰ ਰਹਿਣਾ ਚਾਹੀਦਾ ਹੈ। ਸਮਾਗਮ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਖਜ਼ਾਨਚੀ ਅਜੈਪਾਲ ਸਿੰਘ, ਮੀਤ ਖਜ਼ਨਚੀ ਕੁਲਦੀਪ ਸਿੰਘ, ਮੈਂਬਰ ਮੋਹਨ ਸਿੰਘ, ਅਜੀਤ ਪਾਲ ਸਿੰਘ, ਕੁਲਵੰਤ ਸਿੰਘ, ਮਹਿੰਦਰ ਸਿੰਘ, ਬੀਬੀ ਸਤਵੰਤ ਕੌਰ, ਮਨਜੀਤ ਕੌਰ ਤੋ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਠੰਡੇ ਤੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁਟ ਵਰਤਾਇਆ ਗਿਆ।

## ਪੰਜਾਬ ਤੇ ਉੱਤਰਾਖੰਡ ਸਰਕਾਰ ਸ਼੍ਰੀ ਹੇਮਕੁੰਟ ਸਾਹਿਬ ਦੀ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਹਰ ਹਾਲਤ ਵਿੱਚ ਯਕੀਨੀ ਬਣਾਵੇ

### ਨ.ਫਰਤ ਕੁਝ ਪਲਾਂ ਲਈ ਸੁਰਖੀਆਂ ਬਣ ਸਕਦੀ ਹੈ ਪਰ ਪਿਆਰ ਅਤੇ ਭਾਈਚਾਰਾ ਹੀ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਬਣਾਉਂਦਾ ਹੈ : ਰੁਸਤਮ ਮੋਰਿੰਡਾ ਕਿਸਾਨ ਯੂਨੀਅਨ ਪੁਆਧ

ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਸੀਨੀਅਰ ਮੀਤ ਪ੍ਰਧਾਨ ਰੁਸਤਮ ਮੋਰਿੰਡਾ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਉੱਤਰਾਖੰਡ ਸਰਕਾਰ ਸ਼੍ਰੀ ਹੇਮਕੁੰਟ ਸਾਹਿਬ ਦੀ ਯਾਤਰਾ 'ਤੇ ਜਾਣ ਵਾਲੀਆਂ ਸੰਗਤਾਂ ਦੀ ਸੁਰੱਖਿਆ ਨੂੰ ਹਰ ਹਾਲਤ ਵਿੱਚ ਯਕੀਨੀ ਬਣਾਵੇ । ਸਿੱਖ ਭਾਈਚਾਰੇ ਦੀ ਆਸਥਾ ਸ਼੍ਰੀ ਹੇਮਕੁੰਟ ਸਾਹਿਬ ਨਾਲ ਡੂੰਘੀ ਤਰ੍ਹਾਂ ਜੁੜੀ ਹੋਈ ਹੈ ਤੇ ਸੰਗਤਾਂ ਨੇ ਉੱਥੇ ਦਰਸ਼ਨਾਂ ਲਈ ਜਾਣਾ ਹੀ ਹੈ । ਇਸ ਲਈ ਸਰਕਾਰਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਜਿਹਾ ਮਾਹੌਲ ਬਣਾਇਆ ਜਾਵੇ ਜਿੱਥੇ ਹਰ ਸ਼ਰਧਾਲੂ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰੇ । ਨਾਲ ਹੀ ਮੇਰੀ ਉੱਤਰਾਖੰਡ ਦੇ ਅਮਨ-ਪਸੰਦ ਅਤੇ ਸ਼ਾਂਤੀ-ਪਸੰਦ ਲੋਕਾਂ ਨੂੰ ਅਪੀਲ ਹੈ ਕਿ ਜੇਕਰ ਕੋਈ ਸ਼ਰਾਰਤੀ ਅਨਸਰ ਯਾਤਰੀਆਂ ਨਾਲ ਗਲਤ ਵਿਵਹਾਰ ਕਰਦਾ ਹੈ ਤਾਂ ਉਸਨੂੰ ਰੋਕਿਆ ਅਤੇ ਸਮਝਾਇਆ ਜਾਵੇ । ਕਿਸੇ ਚੰਦ ਲੋਕਾਂ ਦੀ ਗਲਤੀ ਕਰਕੇ ਪੂਰੇ ਸੂਬੇ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ । ਜਿਸ ਤਰ੍ਹਾਂ ਸਾਰੇ ਉੱਤਰਾਖੰਡ ਦੇ ਲੋਕ ਇੱਕੋ ਜਿਹੇ ਨਹੀਂ ਹਨ, ਉਸੇ ਤਰ੍ਹਾਂ ਸਾਰੇ ਪੰਜਾਬੀ ਵੀ ਇੱਕੋ ਜਿਹੇ ਨਹੀਂ ਹਨ । ਮੇਰੀ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਹੈ ਕਿ ਜਦੋਂ ਅਸੀਂ ਕਿਸੇ ਹੋਰ ਸੂਬੇ ਵਿੱਚ ਮਹਿਮਾਨ ਬਣ ਕੇ ਜਾਂਦੇ ਹਾਂ ਤਾਂ ਸਾਡੀ ਜ਼ਿੰਮੇਵਾਰੀ ਬਣਦੀ ਹੈ ਕਿ ਉੱਥੋਂ ਦੇ ਲੋਕਾ ਦੇ ਸਭਿਆਚਾਰ ਅਤੇ ਕੁਦਰਤੀ ਵਾਤਾਵਰਨ ਦਾ ਸਤਿਕਾਰ ਕਰੀਏ । ਪਿਆਰ, ਸਹਿਯੋਗ ਅਤੇ ਸੰਜਮ ਨਾਲ ਹੀ ਰਿਸ਼ਤੇ ਮਜ਼ਬੂਤ ਹੁੰਦੇ ਹਨ । ਅੱਜ ਸੋਸ਼ਲ ਮੀਡੀਆ 'ਤੇ ਕੁਝ ਅਜਿਹੀਆਂ ਗੱਲਾਂ ਸੁਣਨ ਨੂੰ ਮਿਲ ਰਹੀਆਂ ਹਨ ਜੋ ਦੋ ਸੂਬਿਆਂ ਦੇ ਲੋਕਾਂ ਵਿਚਕਾਰ ਨ.ਫ਼ਰਤ ਵਧਾ ਸਕਦੀਆਂ ਹਨ । ਪਰ ਸਾਨੂੰ ਸਮਝਣਾ ਚਾਹੀਦਾ ਹੈ ਕਿ ਨਫ਼ਰਤ ਦਾ ਜਵਾਬ ਨਫ਼ਰਤ ਨਹੀਂ ਹੋ ਸਕਦਾ । ਜੇਕਰ ਕੁਝ ਲੋਕਾਂ ਦੀਆਂ ਗਲਤੀਆਂ ਨੂੰ ਆਧਾਰ ਬਣਾ ਕੇ ਪੂਰੇ ਭਾਈਚਾਰਿਆਂ ਨੂੰ ਇੱਕ-ਦੂਜੇ ਦੇ ਵਿਰੁੱਧ ਖੜ੍ਹਾ ਕੀਤਾ ਗਿਆ ਤਾਂ ਇਸ ਦਾ ਨੁਕਸਾਨ ਆਉਣ ਵਾਲੀਆਂ ਪੀੜ੍ਹੀਆਂ ਨੂੰ ਝੱਲਣਾ ਪਵੇਗਾ । ਮੇਰੀ ਅਪੀਲ ਹੈ ਕਿ ਇਸ ਮਾਮਲੇ ਨੂੰ ਪੰਜਾਬ ਬਨਾਮ ਉੱਤਰਾਖੰਡ ਨਾ ਬਣਾਇਆ ਜਾਵੇ । ਇਹ ਸੁਰੱਖਿਆ, ਭਾਈਚਾਰੇ ਅਤੇ ਆਪਸੀ ਸਤਿਕਾਰ ਦਾ ਮਸਲਾ ਹੈ । ਜਿਹੜੇ ਲੋਕ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰਦੇ ਹਨ, ਉਹਨਾਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਹੋਣੀ ਚਾਹੀਦੀ ਹੈ, ਪਰ ਦੋ ਸੂਬਿਆਂ ਦੇ ਕਰੋੜਾਂ ਲੋਕਾਂ ਦੇ ਪਿਆਰ ਅਤੇ ਸਾਂਝ ਨੂੰ ਕਿਸੇ ਵੀ ਕੀਮਤ 'ਤੇ ਨੁਕਸਾਨ ਨਹੀਂ ਪਹੁੰਚਣਾ ਚਾਹੀਦਾ । ਨ.ਫ਼ਰਤ ਕੁਝ ਪਲਾਂ ਲਈ ਸੁਰਖੀਆਂ ਬਣ ਸਕਦੀ ਹੈ, ਪਰ ਪਿਆਰ ਅਤੇ ਭਾਈਚਾਰਾ ਹੀ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਬਣਾਉਂਦਾ ਹੈ ।

**-ਪਰਗਟ ਸਿੰਘ ਬਲਬੇੜਾ**, 9022000070

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

ਅੱਜ 24 ਜੂਨ ਨੂੰ ਜਨਮ ਦਿਨ 'ਤੇ ਵਿਸ਼ੇਸ਼

# ਸੰਘਰਸ਼ਸ਼ੀਲ ਆਗੂ ਸਨ - ਮਾਸਟਰ ਤਾਰਾ ਸਿੰਘ



**20ਵੀਂ ਸਦੀ** ਦੇ ਉੱਘੇ ਸਿੱਖ ਆਗੂਆਂ ਵਿੱਚੋਂ ਇਕ ਸਨ, ਮਾਸਟਰ ਤਾਰਾ ਸਿੰਘ । ਜਿਨ੍ਹਾਂ ਸਮੁੱਚਾ ਜੀਵਨ ਸ਼੍ਰੋਮਣੀ ਅਕਾਲੀ ਦਲ ਅਤੇ ਦੇਸ਼ ਵਿੱਚ ਵੱਸਦੇ ਸਮੁੱਚੇ ਸਿੱਖ-ਹਿੱਤਾਂ ਦੇ ਵੱਡੇ ਹਿੱਤਾਂ ਲਈ ਸੰਘਰਸ਼ ਕੀਤਾ । ਮਾਸਟਰ ਜੀ ਦਾ ਜਨਮ ਲਹਿੰਦੇ ਪੰਜਾਬ (ਪਾਕਿਸਤਾਨ) ਦੇ ਜ਼ਿਲ੍ਹਾ ਰਾਵਲਪਿੰਡੀ ਦੇ ਹਰਿਆਲ ਪਿੰਡ ਵਿੱਚ ਪਿਤਾ ਬਖਸ਼ੀ ਮੂਲ ਚੰਦ ਮਲਹੋਤਰਾ (ਜੋ ਕਿੱਤੇ ਵਜੋਂ ਪਟਵਾਰੀ ਸਨ) ਅਤੇ ਮਾਤਾ ਮੂਲਾਂ ਦੇਵੀ ਦੇ ਗ੍ਰਹਿ ਵਿਖੇ 24 ਜੂਨ, 1885 ਨੂੰ ਹੋਇਆ ।ਮਾਸਟਰ ਜੀ ਦਾ ਪਹਿਲਾ ਨਾਂਅ ਨਾਨਕ ਚੰਦ ਸੀ, ਪਰ ਸਿੰਘ ਸਭਾ ਲਹਿਰ ਅਤੇ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਨਾ ਦੇ ਪ੍ਰਭਾਵ ਵਿੱਚ 1902 ਈ: ਵਿੱਚ ਅੰਮ੍ਰਿਤ ਛੱਕ ਕੇ ਸਿੰਘ ਸੱਜ ਗਏ ।ਹੁਣ ਆਪ ਨਾਨਕ ਚੰਦ ਤੋਂ ਤਾਰਾ ਸਿੰਘ ਬਣ ਗਏ ।ਮੁੱਢਲੀ ਸਿੱਖਿਆ ਉਨ੍ਹਾਂ ਪਿੰਡ ਦੇ ਮਦਰੱਸੇ ਤੋਂ ਪ੍ਰਾਪਤ ਕੀਤੀ ।ਮਾਸਟਰ ਜੀ ਨੇ ਉੱਚ ਸਿੱਖਿਆ ਖ਼ਾਲਸਾ ਕਾਲਜ ਅੰਮ੍ਰਿਤਸਰ ਤੋਂ ਪ੍ਰਾਪਤ ਕੀਤੀ । ਇਥੋਂ ਗ੍ਰੈਜੂਏਸ਼ਨ ਕਰਨ ਤੋਂ ਪਿੱਛੋਂ ਲਾਹੌਰ ਤੋਂ ਬੀ।ਟੀ। ਪਾਸ ਕੀਤੀ । ਟੀਚਰ ਟ੍ਰੇਨਿੰਗ ਲਈ ਬੈਚੂਲਰ ਦੀ ਡਿਗਰੀ ਪ੍ਰਾਪਤ ਹੋਣ ਤੋਂ ਬਾਅਦ ਮਾਸਟਰ ਤਾਰਾ ਸਿੰਘ ਖ਼ਾਲਸਾ ਹਾਈ ਸਕੂਲ ਦੇ ਹੈੱਡਮਾਸਟਰ ਵਜੋਂ ਨਿਯੁੱਕਤ ਹੋਏ ।

ਗੁਰਦੁਆਰਾ ਸੁਧਾਰ ਲਹਿਰ ਅਜਿਹੀ ਲਹਿਰ ਸੀ, ਜਿਸ ਦਾ ਅਸਰ ਹਰ ਸਿੱਖ ਨੌਜਵਾਨ ਨੇ ਕਬੂਲ ਕੀਤਾ ।ਮਾਸਟਰ ਜੀ ਵੀ ਇਸ ਲਹਿਰ ਵਿੱਚ ਕੁੱਦ ਪਏ ।ਛੇਤੀ ਹੀ ਅੰਗ੍ਰੇਜ਼ ਹਕੂਮਤ ਨੇ ਬਾਕੀ ਅਕਾਲੀ ਆਗੂਆਂ ਵਾਂਗ ਮਾਸਟਰ ਜੀ ਨੂੰ ਵੀ ਗ੍ਰਿਫਤਾਰ ਕਰ ਲਿਆ ।ਜਦੋਂ ਬਾਕੀ ਲੀਡਰਾਂ ਨਾਲ ਮਾਸਟਰ ਜੀ ਜੇਲ੍ਹ ਤੋਂ ਬਾਹਰ ਆਏ, ਉਸ ਸਮੇਂ ਅੰਗ੍ਰੇਜ਼ ਸਰਕਾਰ ਵੱਲੋਂ ਗੁਰਦੁਆਰਾ ਐਕਟ-1925 ਈ: ਵਿੱਚ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਲਈ ਲਾਗੂ ਕੀਤਾ । ਅਕਾਲੀ ਦਲ ਨੂੰ ਇਸੇ ਐਕਟ ਨੇ ਦੋ ਹਿੱਸਿਆਂ ਵਿੱਚ ਵੰਡ ਦਿੱਤਾ ।ਮਾਸਟਰ ਜੀ ਦੂਜੇ ਧੜੇ ਨਾਲ ਜੁੜ ਗਏ ।ਜਿਹੜਾ ਧੜਾ ਇਸ ਐਕਟ ਨੂੰ ਮੰਨਣ ਤੋਂ ਇਨਕਾਰੀ ਸੀ ।ਜਦੋਂ 1926 ਈ: ਵਿੱਚ ਦੂਜੇ ਧੜੇ ਦੇ ਆਗੂ ਜੇਲ੍ਹ ਵਿੱਚੋਂ ਬਾਹਰ ਆਏ ਤਾਂ ਆਪ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣਾਇਆ ਗਿਆ ।ਇਸ ਤੋਂ ਪਿੱਛੋਂ ਸਮੇਂ-ਸਮੇਂ ਮਾਸਟਰ ਜੀ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਆਪਣੇ ਫਰਜ਼ ਨਿਭਾਉਂਦੇ ਰਹੇ ।

ਦੇਸ਼ ਦੀ ਵੰਡ ਤੋਂ ਬਾਅਦ ਫਰਵਰੀ, 1949 ਈ: ਵਿੱਚ ਜਦੋਂ ਦਿੱਲੀ ਵਿੱਚ ਆਪ ਅਕਾਲੀ ਕਾਨਫਰੰਸ ਵਿੱਚ ਹਿੱਸਾ ਲੈਣ ਜਾ ਰਹੇ ਸਨ ਤਾਂ ਅਜ਼ਾਦ ਦੇਸ਼ ਵਿੱਚ ਦਿੱਲੀ ਵਿੱਚ ਦਾਖਲ ਹੋਣ ਤੋਂ ਪਹਿਲਾਂ ਨਰੇਲਾ ਸਟੇਸ਼ਨ 'ਤੇ ਗ੍ਰਿਫਤਾਰ ਕਰ ਲਿਆ ਗਿਆ । ਰਿਹਾਈ ਤੋਂ ਪਿੱਛੋਂ ਆਪ ਨੇ ਭਾਸ਼ਾ 'ਤੇ ਆਧਾਰਿਤ ਪੰਜਾਬੀ ਸੂਬੇ ਲਈ ਸੰਘਰਸ਼ ਦਾ ਐਲਾਨ ਕਰ ਦਿੱਤਾ ।1960 ਈ: ਵਿੱਚ ਹੋਈਆਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਵਿੱਚ ਮਾਸਟਰ ਜੀ ਦੀ ਅਗਵਾਈ ਵਿੱਚ ਅਕਾਲੀ ਦਲ ਨੇ 140 ਸੀਟਾਂ ਵਿੱਚੋਂ 136 ਸੀਟਾਂ ਅਕਾਲੀ ਦਲ ਲਈ ਜਿੱਤੀਆਂ ।ਆਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੁਣੇ ਗਏ ।ਛੇਤੀ ਹੀ ਪ੍ਰਧਾਨਗੀ ਛੱਡ ਕੇ ਪੰਜਾਬੀ ਸੂਬੇ ਦੇ ਅੰਦੋਲਨ ਨੂੰ ਸ਼ੁਰੂ ਕਰ ਦਿੱਤਾ ।

ਅੰਮ੍ਰਿਤਸਰ ਵਿੱਚ ਪੰਜਾਬੀ ਸੂਬਾ ਕਨਵੈਨਸ਼ਨ ਵਿੱਚ ਪੰਜਾਬੀ ਸੂਬਾ ਬਨਾਉਣ ਲਈ ਮਤਾ ਪਾਸ ਕਰਵਾਇਆ । ਦਿੱਲੀ ਵਿੱਚ ਪ੍ਰਭਾਵਸ਼ਾਲੀ ਜਲੂਸ ਕੱਢਣ ਦਾ ਐਲਾਨ ਕੀਤਾ ।ਇਸ ਜਲੂਸ ਵਿੱਚ ਸ਼ਾਮਿਲ ਹੋਣ ਤੋਂ ਪਹਿਲਾਂ ਮਾਸਟਰ ਜੀ ਨੂੰ ਗ੍ਰਿਫਤਾਰ ਕਰ ਲਿਆ ਗਿਆ ।ਪਰ ਗ੍ਰਿਫਤਾਰੀ ਪਿੱਛੋਂ ਸਿੱਖਾਂ ਨੇ ਪੰਜਾਬੀ ਸੂਬੇ ਦੀ ਮੰਗ ਲਈ ਸ਼ਾਨਦਾਰ ਜਲੂਸ ਕੱਢਿਆ ।4 ਜਨਵਰੀ, 1961 ਨੂੰ ਰਿਹਾਅ ਹੋ ਕੇ ਸੰਤ ਬਾਬਾ ਫਤਹਿ ਸਿੰਘ ਵੱਲੋਂ ਸ਼ੁਰੂ ਕੀਤਾ ਮਰਨ ਵਰਤ ਖੁੱਲ੍ਹਵਾਇਆ ।ਮਾਸਟਰ ਜੀ ਵੱਲੋਂ ਸੱਚਾ ਢੰਡੋਰਾ ਅਤੇ ਪ੍ਰਦੇਸੀ ਖ਼ਾਲਸਾ ਸਪਤਾਹਿਕ ਮੈਗਜ਼ੀਨ ਵੀ ਸ਼ੁਰੂ ਕੀਤੇ ਗਏ, ਜੋ ਪਿੱਛੋਂ ਜਾ ਕੇ ਅਕਾਲੀ ਅਖ਼ਬਾਰ ਦੇ ਰੂਪ ਵਿੱਚ ਬਦਲ ਗਏ । 1961 ਈ: ਵਿੱਚ ਜਥੇਦਾਰ ਅਖ਼ਬਾਰ ਛਪਣਾ ਸ਼ੁਰੂ ਹੋਇਆ ।ਉਰਦੂ ਵਿੱਚ ਪੰਥਕ ਹਿੱਤਾਂ ਲਈ ਅਤੇ ਮਹਾਸ਼ਾ ਪ੍ਰੈਸ ਦੇ ਜਵਾਬ ਲਈ ਪ੍ਰਭਾਤ ਅਖ਼ਬਾਰ ਵੀ ਕੱਢਿਆ ।1946 ਈ: ਵਿੱਚ ਆਪ ਜੀ ਵੱਲੋਂ ਸ਼ੁਰੂ ਕੀਤਾ ਗਿਆ ਸੰਤ ਸਿਪਾਹੀ ਮਾਸਿਕ ਪੱਤਰ ਹੁਣ ਤੱਕ ਛੱਪ ਰਿਹਾ ਹੈ ।ਮਾਸਟਰ ਤਾਰਾ ਸਿੰਘ ਅਜਿਹੀ ਸ਼ਖ਼ਸੀਅਤ ਸਨ, ਜਿਨ੍ਹਾਂ ਦਾ ਪੂਰਾ ਜੀਵਨ ਸਿੱਖ ਹਿੱਤਾਂ ਲਈ ਸੰਘਰਸ਼ ਕਰਦਿਆਂ ਬੀਤਿਆ ।ਮਾਸਟਰ ਜੀ ਆਪਣੇ ਲੱਖਾਂ ਸਨੇਹੀਆਂ ਤੇ ਪਿਆਰਿਆਂ ਨੂੰ 22 ਨਵੰਬਰ, 1967 ਈ: ਨੂੰ ਸਦੀਵੀ ਵਿਛੋੜਾ ਦੇ ਗਏ ।ਅੱਜ ਕੇਵਲ ਉਨ੍ਹਾਂ ਦੀ ਯਾਦ ਹੀ ਬਾਕੀ ਹੈ। ••

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਸੰਜੀਵ ਭੰਡਾਰੀ ਨੇ ਬਤੌਰ ਪ੍ਰਧਾਨ ਨਗਰ ਪੰਚਾਇਤ ਰਈਆ ਵਜੋਂ ਚੁੱਕੀ ਸਹੁੰ

# ਸਰਬਜੀਤ ਕੌਰ ਸੀ: ਮੀਤ ਪ੍ਰਧਾਨ, ਸਰਬਜੀਤ ਸਿੰਘ ਬਣੇ ਮੀਤ ਪ੍ਰਧਾਨ



**ਚੌਕ ਮਹਿਤਾ**, 23 ਜੂਨ (**ਬਾਬਾ ਸੁਖਵੰਤ ਸਿੰਘ ਚੰਨਣਕੇ**)-ਨਗਰ ਪੰਚਾਇਤ ਰਈਆ ਦੇ ਨਵ ਨਿਯੁਕਤ 13 ਕੌਂਸਲਰ ਸਾਹਿਬਾਨ ਦਾ ਸਹੁੰ ਚੁੱਕ ਸਮਾਗਮ ਅੱਜ ਐਸ.ਡੀ.ਐਮ. ਦਫਤਰ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ ਅਤੇ ਨਵ ਨਿਯੁਕਤ 13 ਮੈਂਬਰਾਂ ਨੇ ਭੇਦ ਗੁਪਤ ਰੱਖਣ ਦੀ ਸਹੁੰ ਚੁੱਕੀ, ਵਿਧਾਇਕ ਦਲਬੀਰ ਸਿੰਘ ਟੌਂਗ, ਐਸ.ਡੀ.ਐਮ. ਜਸ਼ਨਜੀਤ ਸਿੰਘ ਅਤੇ ਆਬਜ਼ਰਵਰ ਰਵਿੰਦਰ ਸਿੰਘ (ਚੇਅਰਮੈਨ ਤਰਨ ਤਾਰਨ) ਦੀ ਦੇਖ ਰੇਖ ਹੇਠ ਵਾਰਡ ਨੰਬਰ 4 ਤੋਂ ਕੌਂਸਲਰ ਸੰਜੀਵ ਭੰਡਾਰੀ ਨੂੰ ਨਗਰ ਪੰਚਾਇਤ ਰਈਆ ਦਾ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ, ਜਦਕਿ ਵਾਰਡ ਨੰਬਰ 13 ਤੋਂ ਸਰਬਜੀਤ ਕੌਰ ਸੀ: ਮੀਤ ਪ੍ਰਧਾਨ ਅਤੇ ਵਾਰਡ ਨੰਬਰ 6 ਤੋਂ ਸਰਬਜੀਤ ਸਿੰਘ ਨੂੰ ਮੀਤ ਪ੍ਰਧਾਨ ਚੁਣ ਲਿਆ ਗਿਆ ।ਸਮੁੱਚੀ ਨਵੀਂ ਟੀਮ ਨੂੰ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਫੁੱਲਾਂ ਦੇ ਹਾਰਾਂ ਨਾਲ ਸਨਮਾਨਿਤ ਕੀਤਾ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ।ਇਸ ਮੌਕੇ ਭਾਵੁਕ ਹੋਏ ਪ੍ਰਧਾਨ ਸੰਜੀਵ ਭੰਡਾਰੀ ਨੇ ਸਭ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ, ਉਹ ਰਈਆ ਨਿਵਾਸੀਆਂ ਦੀਆਂ ਆਸਾਂ 'ਤੇ ਖਰੇ ਉਤਰਣ ਦਾ ਯਤਨ ਕਰਨਗੇ । ਇਸ ਮੌਕੇ ਵਾਰਡ ਨੰਬਰ 1 ਤੋਂ ਜਸਬੀਰ ਕੌਰ, 22ਤੋਂ ਸਰਬਜੀਤ ਸਿੰਘ ਮਾਨ, 3 ਤੋਂ ਅਮਰਵੀਰ ਸਿੰਘ ਅਜ਼ਾਦ, 4 ਤੋਂ ਸੰਜੀਵ ਭੰਡਾਰੀ, 5 ਤੋਂ ਪ੍ਰਭਜੋਤ ਕੌਰ, 6 ਤੋਂ ਸਰਬਜੀਤ ਸਿੰਘ, 7 ਤੋਂ ਨੀਲਮ,8 ਤੋਂ ਰਾਜਿੰਦਰ ਰਿਖੀ, 9 ਤੋਂ ਜੋਤੀ ਸ਼ਰਮਾ, 10 ਤੋਂ ਸੁਖਦੇਵ ਸਿੰਘ ਪੱਡਾ,11 ਤੋਂ ਰਿੰਪੀ ਭੰਡਾਰੀ, 12 ਤੋਂ ਵਿਸ਼ਾਲ ਮੰਨਣ,13 ਤੋਂ ਸਰਬਜੀਤ ਕੌਰ ਨੇ ਵੀ ਭੇਦ ਰੱਖਣ ਦੀ ਸਹੁੰ ਚੁੱਕੀ ।ਇਸ ਮੌਕੇ ਜ: ਬਲਦੇਵ ਸਿੰਘ ਬੋਦੇਵਾਲ, ਜ: ਕੁਲਦੀਪ ਸਿੰਘ ਮਥਰੇਵਾਲ, ਚੇਅਰਮੈਨ ਗੁਰਦੇਵ ਸਿੰਘ ਆੜ੍ਹਤੀ, ਸਰਪੰਚ ਗੁਰਚਰਨ ਸਿੰਘ ਰਾਣਾ ਕਾਲੇਕੇ, ਐਡਵੋਕੇਟ ਲੱਖਾ ਸਿੰਘ ਅਜ਼ਾਦ, ਚੇਅਰਮੈਨ ਯੋਗਰਾਜ ਸਿੰਘ ਜੋਗੀ ਟੌਂਗ, ਕਮਲੇਸ਼ ਰਾਣੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ,ਸਰਪੰਚ ਸੁਰਿੰਦਰ ਸਿੰਘ ਕੰਗ ਬੁਟਾਰੀ ਸਟੇਸ਼ਨ, ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਬਿਆਸ, ਗਗਨਦੀਪ ਸ਼ਰਮਾ, ਸਰਪੰਚ ਕਰਮਜੀਤ ਸਿੰਘ ਫੇਰੂਮਾਨ,ਸਰਪੰਚ ਤੇਜਿੰਦਰ ਸਿੰਘ ਕੰਗ ਬੁਤਾਲਾ, ਰਣਧੀਰ ਸਿੰਘ ਰਾਣੂੰ, ਸਰਪੰਚ ਫੁਲਵਿੰਦਰ ਸਿੰਘ ਖਿਲਚੀਆਂ, ਸਰਪੰਚ ਪ੍ਰਦੀਪ ਸਿੰਘ ਬੋਦੇਵਾਲ, ਸਰਪੰਚ ਮਨੋਹਰ ਸਿੰਘ ਖਿਲਚੀਆਂ,ਸਰਪੰਚ ਜੋਧਾ ਸਿੰਘ ਛਾਪਿਆਂਵਾਲੀ, ਨੰਬਰਦਾਰ ਭੁਪਿੰਦਰ ਸਿੰਘ, ਬੋਸਰ ਸੰਦੀਪ ਸਿੰਘ, ਪ੍ਰਧਾਨ ਹੀਰਾ ਸਿੰਘ ਭੱਠੇ ਵਾਲੇ, ਲੱਖਾ ਸਿੰਘ ਠੱਠੀਆਂ ਚੱਕੀ ਵਾਲੇ, ਸਰਪੰਚ ਗੁਰਜੀਤ ਸਿੰਘ ਫੱਤੂਵਾਲ , ਭੁਪਿੰਦਰ ਸਿੰਘ ਮਾਨ ਅਤੇ ਹੋਰ ਵਰਕਰ ਮੌਜੂਦ ਸਨ ।

# ਨਿਹੰਗ ਸਿੰਘ ਮਾਮਲਾ: ਉੱਤਰਾਖੰਡ ਮੁੱਖਮੰਤਰੀ ਨਾਲ ਦਿਲੀ ਗੁਰਦੁਆਰਾ ਕਮੇਟੀ ਵਫਦ ਦੀ ਮੁਲਾਕਾਤ: ਕਾਲਕਾ, ਕਾਹਲੋਂ



**ਨਵੀਂ ਦਿੱਲੀ**, 23 ਜੂਨ (**ਮਨਪ੍ਰੀਤ ਸਿੰਘ ਖਾਲਸਾ**)-ਕਰਨਪ੍ਰਯਾਗ ਵਿੱਚ ਨਿਹੰਗ ਸਿੰਘਾਂ ਅਤੇ ਸਥਾਨਕ ਲੋਕਾਂ ਵਿਚਾਲੇ ਹੋਏ ਟਕਰਾਅ ਦੇ ਮਾਮਲੇ ਸਬੰਧੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਵਫਦ ਨੇ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨਾਲ ਮੁਲਾਕਾਤ ਕੀਤੀ। ਵਫਦ ਨੇ ਨਿਹੰਗ ਸਿੰਘਾਂ ਨਾਲ ਕਥਿਤ ਦੁਰਵਿਵਹਾਰ ਕਰਨ ਵਾਲੇ ਪੁਲਿਸ ਮੁਲਾਜ਼ਮਾਂ ਨੂੰ ਮੁਅੱਤਲ ਕਰਨ ਦੀ ਮੰਗ ਕੀਤੀ, ਜਿਸ 'ਤੇ ਮੁੱਖ ਮੰਤਰੀ ਨੇ ਜਾਂਚ ਪੂਰੀ ਹੋਣ ਤੱਕ ਦੋਸ਼ੀ ਅਧਿਕਾਰੀਆਂ ਨੂੰ ਸਸਪੈਂਡ ਕਰਨ ਦਾ ਭਰੋਸਾ ਦਿੱਤਾ।ਮਾਮਲੇ ਦੀ ਜਾਂਚ ਡੀਆਈਜੀ ਯਸ਼ਵੰਤ ਚੌਹਾਨ ਅਤੇ ਐਸਐਸਪੀ ਨਵਨੀਤ ਸਿੰਘ ਭੁੱਲਰ ਨੂੰ ਸੌਂਪੀ ਗਈ ਹੈ। ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਸਮੇਤ ਉੱਤਰਾਖੰਡ ਦੇ ਸਾਰੇ ਗੁਰਧਾਮਾਂ ਦੀ ਯਾਤਰਾ ਸ਼ਾਂਤਮਈ ਢੰਗ ਨਾਲ ਜਾਰੀ ਰਹੇਗੀ ਅਤੇ ਸੰਗਤ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਸਿੱਖ ਮਸਲਿਆਂ ਦੀ ਪੈਰਵੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਮੁੱਖ ਮੰਤਰੀ ਧਾਮੀ ਨੇ ਵੀ ਭਰੋਸਾ ਦਿੱਤਾ ਕਿ ਸੂਬੇ ਵਿੱਚ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਲਈ ਸਰਕਾਰ ਵਚਨਬੱਧ ਹੈ ਅਤੇ ਇਸ ਮਾਮਲੇ ਦੀ ਨਿਗਰਾਨੀ ਖੁਦ ਮੁੱਖ ਮੰਤਰੀ ਅਤੇ ਡੀਜੀਪੀ ਪੱਧਰ 'ਤੇ ਕੀਤੀ ਜਾ ਰਹੀ ਹੈ।

# ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਜੰਡਿਆਲਾ ਗੁਰੂ ਜੋਤੀਸਰ ਸ਼ਿਮਲਾ ਵਾਲਿਆਂ ਦੇ ਭਰਾਤਾ ਰਾਜਵਿੰਦਰ ਸਿੰਘ ਰਾਜੂ ਦਾ ਭੋਗ ਅੱਜ



ਚੌਕ ਮਹਿਤਾ,23 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ) ਗੁਰਦੁਆਰਾ ਤੱਪ ਅਸਥਾਨ ਬ੍ਰਹਮ ਗਿਆਨੀ ਸੰਤ ਬਾਬਾ ਗੁਰਬਖਸ਼ ਸਿੰਘ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਵਾਲਿਆ ਦੇ ਮੌਜੂਦਾ ਮੁੱਖੀ ਸੰਤ ਬਾਬਾ ਸੁੱਖਾ ਸਿੰਘ ਗੁਰਦੁਆਰਾ ਜੋਤੀਸਰ ਸਾਹਿਬ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਵਾਲਿਆ ਦੇ ਛੋਟੇ ਭਰਾਤਾ ਭਾਈ ਰਾਜਵਿੰਦਰ ਸਿੰਘ ਰਾਜੂ ਬੀਤੇਂ ਦਿਨੀਂ ਸੜਕ ਹਾਦਸੇ ਨਾਲ ਮੌਤ ਹੋ ਗਈ ਸੀ। ਅੱਜ 24 ਜੂਨ 2026 ਦਿਨ ਬੁੱਧਵਾਰ ਨੂੰ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਅੰਤਿਮ ਅਰਦਾਸ ਅਤੇ ਭੋਗ ਪਾਏ ਜਾਣਗੇ। ਇਹ ਸੋਗ ਮਈ ਸਮਾਗਮ 11 ਵਜੇ ਤੋਂ 1 ਵਜੇ ਤੱਕ ਹੋਵੇਗਾ। ਜਿਸ ਵਿੱਚ ਵਿੱਛੜੀ ਰੂਹ ਦੇ ਨਮਿੱਤ ਕੀਰਤਨ ਅਤੇ ਕਥਾ ਵਿਚਾਰਾਂ ਦੀ ਸਾਂਝ ਵਿਦਿਵਾਨ ਪਾਉਣਗੇ। ਅਤੇ ਸਮੂਹ ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ, ਸਮਾਜ ਸੇਵੀ, ਰਿਸ਼ਤੇਦਾਰ ਅਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਵਿੱਛੜੀ ਰੂਹ ਭਾਈ ਰਾਜਵਿੰਦਰ ਸਿੰਘ ਰਾਜੂ ਨੂੰ ਸ਼ਰਧਾਂਜਲੀਆਂ ਭੇਟ ਕਰਨਗੀਆਂ। ਇਸ ਦੁੱਖ ਦੀ ਘੜੀ ਵਿੱਚ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰੋ ਜੀ

# ਹਜ਼ੂਰ ਸਾਹਿਬ ਐਕਟ ਵਿੱਚ ਦਖ਼ਲਅੰਦਾਜ਼ੀ ਬਰਦਾਸ਼ਤ ਨਹੀਂ ਕਰਾਂਗੇ, ਸਰਕਾਰ ਸਿੱਖ ਭਾਵਨਾਵਾਂ ਨਾਲ ਖਿਲਵਾੜ ਨਾ ਕਰੇ: ਪਰਮਜੀਤ ਸਿੰਘ ਸਰਨਾ



ਨਵੀਂ ਦਿੱਲੀ, 23 ਜੂਨ (ਮਨਪ੍ਰੀਤ ਸਿੰਘ ਖਾਲਸਾ): ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ.ਪਰਮਜੀਤ ਸਿੰਘ ਸਰਨਾ ਨੇ ਮਹਾਰਾਸ਼ਟਰ ਸਰਕਾਰ ਵੱਲੋਂ 'ਦ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਿਚਲਨਗਰ ਸਾਹਿਬ ਐਕਟ, 1956' ਨੂੰ ਬਦਲ ਕੇ ਨਵਾਂ ਐਕਟ ਲਿਆਉਣ ਦੀਆਂ ਚੱਲ ਰਹੀਆਂ ਚਰਚਾਵਾਂ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਪੱਤਰਕਾਰਾਂ ਨੂੰ ਜਾਰੀ ਕੀਤੇ ਬਿਆਨ ਵਿੱਚ ਸਰਨਾ ਨੇ ਕਿਹਾ ਕਿ ਜੇਕਰ ਇਹ ਖ਼ਬਰਾਂ ਸਹੀ ਹਨ ਤਾਂ ਇਹ ਸਿੱਖਾਂ ਦੇ ਧਾਰਮਿਕ ਮਾਮਲਿਆਂ ਅਤੇ ਗੁਰਦੁਆਰਾ ਪ੍ਰਬੰਧ ਵਿੱਚ ਸਿੱਧੀ ਸਰਕਾਰੀ ਦਖ਼ਲਅੰਦਾਜ਼ੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸੇ ਵੀ ਸਰਕਾਰ ਨੂੰ ਸਿੱਖ ਕੌਮ ਦੇ ਨਿੱਜੀ ਅਤੇ ਧਾਰਮਿਕ ਮਾਮਲਿਆਂ ਵਿੱਚ ਦਖ਼ਲ ਦੇਣ ਦਾ ਕੋਈ ਅਧਿਕਾਰ ਨਹੀਂ ਹੈ।

ਉਨ੍ਹਾਂ ਦੋਸ਼ ਲਾਇਆ ਕਿ ਪਹਿਲਾਂ ਵੀ ਸਰਕਾਰਾਂ ਵੱਲੋਂ ਨਾਮਜ਼ਦ ਮੈਂਬਰਾਂ ਦੀ ਗਿਣਤੀ ਵਧਾਉਣ ਜਾਂ ਗੁਰਦੁਆਰਾ ਪ੍ਰਬੰਧ ਨੂੰ ਆਪਣੇ ਕਬਜ਼ੇ ਹੇਠ ਲਿਆਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਰਹੀਆਂ ਹਨ, ਜਿਨ੍ਹਾਂ ਦਾ ਸਿੱਖ ਕੌਮ ਨੇ ਡਟ ਕੇ ਵਿਰੋਧ ਕੀਤਾ ਹੈ। ਸਰਨਾ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮਹਾਰਾਸ਼ਟਰ ਸਰਕਾਰ ਸਿੱਖ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕਰਦੇ ਹੋਏ ਕੋਈ ਇਕਪੱਖੀ ਕਦਮ ਚੁੱਕਦੀ ਹੈ ਤਾਂ ਉਸ ਨੂੰ ਸਿੱਖ ਕੌਮ ਦੇ ਤਿੱਖੇ ਵਿਰੋਧ ਅਤੇ ਸੰਘਰਸ਼ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਐਕਟ ਨੂੰ ਬਦਲਣ ਦੀ ਕੋਈ ਲੋੜ ਜਾਂ ਜਾਇਜ਼ਤਾ ਨਜ਼ਰ ਨਹੀਂ ਆਉਂਦੀ। ਫਿਰ ਵੀ ਜੇਕਰ ਸਰਕਾਰ ਸੱਚੇ ਦਿਲੋਂ ਕੋਈ ਸੁਧਾਰ ਕਰਨਾ ਚਾਹੁੰਦੀ ਹੈ ਤਾਂ ਨਵੇਂ ਬਿੱਲ ਦਾ ਖਰੜਾ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ, ਪੰਜੇ ਤਖ਼ਤ ਸਾਹਿਬਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੁੱਚੇ ਖਾਲਸਾ ਪੰਥ ਦੇ ਸਾਹਮਣੇ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਕਿਸੇ ਵੀ ਤਬਦੀਲੀ ਨੂੰ ਪੰਥ ਦੀਆਂ ਭਾਵਨਾਵਾਂ ਅਤੇ ਸਹਿਮਤੀ ਅਨੁਸਾਰ ਹੀ ਅਮਲ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ। ਸਰਨਾ ਨੇ ਕਿਹਾ ਕਿ ਪੰਥਕ ਸੰਸਥਾਵਾਂ ਅਤੇ ਸਿੱਖ ਸੰਗਤਾਂ ਨੂੰ ਭਰੋਸੇ ਵਿੱਚ ਲਏ ਬਿਨਾਂ ਲਿਆ ਗਿਆ ਕੋਈ ਵੀ ਫੈਸਲਾ ਸਵੀਕਾਰ ਨਹੀਂ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਰਬਸੰਮਤੀ ਨਾਲ ਚੁਣੇ ਗਏ ਸਤਿੰਦਰ ਸਿੰਘ ਨਗਰ ਕੌਂਸਲ ਦੇ ਪ੍ਰਧਾਨ ਤੇ ਅਮਨਦੀਪ ਸਿੰਘ ਵਿਰਕ ਵਾਈਸ ਪ੍ਰਧਾਨ

# ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਨਵੇਂ ਚੁਣੇ ਪ੍ਰਧਾਨ ਅਤੇ ਵਾਈਸ ਪ੍ਰਧਾਨ ਨੂੰ ਦਿੱਤੀ ਵਧਾਈ



**ਜੰਡਿਆਲਾ ਗੁਰੂ, 23 ਜੂਨ (ਕੁਲਵੰਤ ਸਿੰਘ ਵਿਰਦੀ )**-ਨਗਰ ਕੌਂਸਲ ਜੰਡਿਆਲਾ ਗੁਰੂ ਦੇ ਪ੍ਰਧਾਨ ਅਤੇ ਵਾਈਸ ਪ੍ਰਧਾਨ ਦੀ ਚੋਣ ਲਈ ਅੱਜ ਹੋਈ ਜਨਰਲ ਹਾਊਸ ਮੀਟਿੰਗ ਦੌਰਾਨ ਵਾਰਡ ਨੰਬਰ 1 ਤੋਂ ਚੁਣੇ ਗਏ ਕੌਂਸਲਰ ਸ੍ਰੀ ਸਤਿੰਦਰ ਸਿੰਘ ਨੂੰ ਸਰਬਸੰਮਤੀ ਨਾਲ ਨਗਰ ਕੌਂਸਲ ਦਾ ਪ੍ਰਧਾਨ ਅਤੇ ਵਾਰਡ ਨੰਬਰ 15 ਤੋਂ ਚੁਣੇ ਗਏ ਕੌਂਸਲਰ ਸ੍ਰੀ ਅਮਨਦੀਪ ਸਿੰਘ ਵਿਰਕ ਨੂੰ ਵਾਈਸ ਪ੍ਰਧਾਨ ਚੁਣ ਲਿਆ ਗਿਆ। ਜਿਸ ਵਿੱਚ 15 ਵਾਰਡਾਂ ਵਾਲੀ ਨਗਰ ਕੌਂਸਲ ਜੰਡਿਆਲਾ ਗੁਰੂ ਦੇ ਪ੍ਰਧਾਨ ਅਤੇ ਵਾਈਸ ਪ੍ਰਧਾਨ ਦੀ ਚੋਣ ਲਈ ਹੋਈ ਇਸ ਮੀਟਿੰਗ ਦੀ ਪ੍ਰਧਾਨਗੀ ਐੱਸ.ਡੀ.ਐੱਮ. ਅੰਮ੍ਰਿਤਸਰ-1 ਸ੍ਰੀਮਤੀ ਅਲਕਾ ਕਾਲੀਆ ਨੇ ਕੀਤੀ। ਮੀਟਿੰਗ ਦੌਰਾਨ ਸਭ ਤੋਂ ਪਹਿਲਾਂ ਨਵ-ਚੁਣੇ ਕੌਂਸਲਰਾਂ ਨੂੰ ਅਹੁਦੇ ਅਤੇ ਗੋਪਨੀਯਤਾ ਦੀ ਸਹੁੰ ਚੁਕਾਈ ਗਈ। ਇਸ ਮੌਕੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਅਤੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਤਾ ਚੇਅਰਮੈਨ ਅਮਰੀਕ ਸਿੰਘ ਸੋਢੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਜ਼ਿਕਰਯੋਗ ਹੈ ਕਿ ਨਗਰ ਕੌਂਸਲ ਜੰਡਿਆਲਾ ਗੁਰੂ ਦੇ ਕੁੱਲ 15 ਵਾਰਡਾਂ ਵਿੱਚੋਂ ਹਾਲ ਹੀ ਵਿੱਚ ਹੋਈਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੇ 13 ਵਾਰਡਾਂ ਵਿੱਚ ਜਿੱਤ ਦਰਜ ਕੀਤੀ ਸੀ। ਅੱਜ ਹੋਈ ਚੋਣ ਪ੍ਰਕਿਰਿਆ ਦੌਰਾਨ ਸਮੂਹ ਕੌਂਸਲਰਾਂ ਨੇ ਸ੍ਰੀ ਸਤਿੰਦਰ ਸਿੰਘ ਨੂੰ ਸਰਬਸੰਮਤੀ ਨਾਲ ਪ੍ਰਧਾਨ ਅਤੇ ਸ੍ਰੀ ਅਮਨਦੀਪ ਸਿੰਘ ਵਿਰਕ ਨੂੰ ਵਾਈਸ ਪ੍ਰਧਾਨ ਚੁਣਿਆ।ਨਵੇਂ ਚੁਣੇ ਪ੍ਰਧਾਨ ਅਤੇ ਵਾਈਸ ਪ੍ਰਧਾਨ ਨੂੰ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਨਗਰ ਕੌਂਸਲ ਦੀ ਨਵੀਂ ਟੀਮ ਜੰਡਿਆਲਾ ਗੁਰੂ ਦੇ ਸਰਵਪੱਖੀ ਵਿਕਾਸ ਨੂੰ ਨਵੀਂ ਦਿਸ਼ਾ ਅਤੇ ਗਤੀ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਨਵੀਂ ਚੁਣੀ ਕਮੇਟੀ ਸ਼ਹਿਰ ਵਾਸੀਆਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ ਅਤੇ ਜੰਡਿਆਲਾ ਗੁਰੂ ਦੀ ਵਿਰਾਸਤੀ ਪਛਾਣ ਨੂੰ ਹੋਰ ਮਜ਼ਬੂਤ ਕਰੇਗੀ।ਇਸ ਮੌਕੇ ਨਵੇਂ ਚੁਣੇ ਪ੍ਰਧਾਨ ਸ੍ਰੀ ਸਤਿੰਦਰ ਸਿੰਘ ਅਤੇ ਵਾਈਸ ਪ੍ਰਧਾਨ ਸ੍ਰੀ ਅਮਨਦੀਪ ਸਿੰਘ ਵਿਰਕ ਨੇ ਸਮੂਹ ਕੌਂਸਲਰਾਂ, ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਅਤੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਅਧਾਰ 'ਤੇ ਅਮਲ ਵਿੱਚ ਲਿਆਂਦਾ ਜਾਵੇਗਾ ਤਾਂ ਜੋ ਲੋਕਾਂ ਨੂੰ ਨਗਰ ਕੌਂਸਲ ਪੱਧਰ 'ਤੇ ਕਿਸੇ ਵੀ ਕਿਸਮ ਦੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ।

### ਵਿਧਾਇਕ ਡਾ. ਇਸ਼ਾਂਕ ਕੁਮਾਰ ਵੱਲੋਂ ਨਸ਼ਾ ਵਿਰੋਧੀ ਜਾਗਰੂਕਤਾ ਈ-ਰਿਕਸ਼ਾ ਰਵਾਨਾ

# ਚੱਬੇਵਾਲ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਕਰਾਇਆ ਜਾਵੇਗਾ ਜਾਣੂ

### ਲੋਕਾਂ ਨੂੰ ਨਸ਼ਿਆਂ ਖਿਲਾਫ ਮੁਹਿੰਮ 'ਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ



ਕੋਟ ਫਤੂਹੀ, ਹੁਸ਼ਿਆਰਪੁਰ, 23 ਜੂਨ (ਆਵਾਜ਼ਿ ਕੌਮ ਬਿਊਰੋ)-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ-ਮੁਕਤ ਬਣਾਉਣ ਲਈ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਅੱਜ ਇੱਥੇ ਨਸ਼ਾ ਵਿਰੋਧੀ ਜਾਗਰੂਕਤਾ ਈ-ਰਿਕਸ਼ਾ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਜਾਗਰੂਕਤਾ ਈ-ਰਿਕਸ਼ਾ ਨੂੰ ਰਵਾਨਾ ਕਰਦਿਆਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਪੂਰੇ ਪੰਜਾਬ ਵਿੱਚ ਜ਼ਮੀਨੀ ਪੱਧਰ 'ਤੇ ਸ਼ੁਰੂ ਕਰਕੇ ਨਸ਼ਿਆਂ ਖਿਲਾਫ ਜਾਗਰੂਕਤਾ ਦੇ ਨਾਲ-ਨਾਲ ਵੱਡੀਆਂ ਕਾਰਵਾਈਆਂ ਨੂੰ ਅੰਜਾਮ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਇੱਕ ਪਾਸੇ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਦੂਜੇ ਪਾਸੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਵਿੱਚ ਜਾਣੂ ਕਰਵਾਇਆ ਜਾ ਰਿਹਾ ਹੈ। ਵਿਧਾਇਕ ਡਾ.ਇਸ਼ਾਂਕ ਕੁਮਾਰ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਵਿੱਚ ਸਰਕਾਰ ਇਕੱਲੀ ਸਫਲ ਨਹੀਂ ਹੋ ਸਕਦੀ ਸਗੋਂ ਸਮਾਜ ਦੇ ਹਰ ਵਰਗ ਦੇ ਸਹਿਯੋਗ ਅਤੇ ਸਰਗਰਮ ਭਾਈਵਾਲ਼ੀ ਨਾਲ ਇਹ ਮਿਸ਼ਨ ਫਤਹਿ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਹ ਜਾਗਰੂਕਤਾ ਈ-ਰਿਕਸ਼ਾ ਚੱਬੇਵਾਲ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦੇਵੇਗੀ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਮਾਪਿਆਂ, ਅਧਿਆਪਕਾਂ ਅਤੇ ਸਮਾਜ ਦੇ ਹੋਰ ਵਰਗਾਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨਾਂ 'ਤੇ ਨਜ਼ਰ ਰੱਖਣ ਅਤੇ ਉਨ੍ਹਾਂ ਨੂੰ ਸਿੱਖਿਆ, ਖੇਡਾਂ ਅਤੇ ਰਚਨਾਤਮਕ ਗਤੀਵਿਧੀਆਂ ਵੱਲ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਆਉਣ ਵਾਲੀ ਪੀੜ੍ਹੀ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣ ਲਈ ਪਿੰਡ ਪੱਧਰ 'ਤੇ ਜਾਗਰੂਕਤਾ ਪੈਦਾ ਕਰਨੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨਸ਼ਾ-ਮੁਕਤ ਪੰਜਾਬ ਬਣਾਉਣ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਜਾਗਰੂਕਤਾ ਮੁਹਿੰਮਾਂ ਦੇ ਨਾਲ-ਨਾਲ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਕੇ ਰੰਗਲਾ ਪੰਜਾਬ ਦੇ ਸੁਪਨੇ ਨੂੰ ਸਾਕਾਰ ਕੀਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪੂਰਾ ਸਹਿਯੋਗ ਦੇਣ ਅਤੇ ਨਸ਼ਿਆਂ ਦੇ ਖ਼ਾਤਮੇ ਲਈ ਮਿਲ ਕੇ ਕੰਮ ਕਰਨ।

# ਸੁਸਾਇਟੀ ਵੱਲੋਂ ਬਾਬਾ ਬਿਧੀ ਚੰਦ ਜੀ ਦੇ ਅਸਥਾਨ ਗੁਰਦੁਆਰਾ ਭੱਠ ਸਾਹਿਬ ਪੱਟੀ ਵਿਖੇ ਸੱਤ ਰੋਜ਼ਾ ਦਸਤਾਰ ਦੁਮਾਲਾ ਸਿਖਲਾਈ ਕੈਂਪ ਆਰੰਭ

ਪੱਟੀ, 23 ਜੂਨ (ਆਵਾਜ਼ਿ ਕੌਮ ਬਿਊਰੋ)-'ਸਾਡਾ ਇਹ ਸੁਪਨਾ ਸਾਕਾਰ ਹੋਵੇ, ਹਰ ਬੱਚੇ ਦੇ ਸਿਰ ਦਸਤਾਰ ਹੋਵੇ' ਸੋਚ ਲੈ ਕੇ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੇ ਵੱਲੋਂ 7 ਰੋਜ਼ਾ ਦਸਤਾਰ ਦੁਮਾਲਾ ਸਿਖਲਾਈ ਕੈਂਪ ਗੁਰਦੁਆਰਾ ਸਾਹਿਬ ਦੇ ਜਥੇਦਾਰ ਅਤੇ ਸਮੂਹ ਪ੍ਰਬੰਧਕਾਂ ਦੇ ਸਹਿਯੋਗ ਨਾਲ ਗੁਰਦੁਆਰਾ ਭੱਠ ਸਾਹਿਬ, ਬਾਬਾ ਬਿਧੀ ਚੰਦ ਜੀ ਪੱਟੀ ਵਿਖੇ ਲਗਾਇਆ ਜਾ ਰਿਹਾ ਹੈ। ਇੰਨ੍ਹਾਂ ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਕੈਂਪ ਸੰਚਾਲਕ ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ ਅਤੇ ਦਸਤਾਰ ਕੋਚ ਭਾਈ ਹਰਪ੍ਰੀਤ ਸਿੰਘ ਪੱਟੀ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਹਨਾਂ ਕਿਹਾ ਇਹ ਕੈਂਪ 22 ਜੂਨ ਤੋਂ ਆਰੰਭ ਹੋ ਚੁੱਕਾ ਹੈ ਅਤੇ 27 ਤਰੀਕ ਨੂੰ ਬੱਚਿਆਂ ਦੇ ਦਸਤਾਰ ਦੁਮਾਲਾ ਅਤੇ ਸ਼ੁੱਧ ਪੰਜਾਬੀ ਲਿਖਾਈ ਮੁਕਾਬਲੇ ਕਰਵਾਏ ਜਾਣਗੇ ਜਿਸ ਵਿੱਚ ਬਚਿਆਂ ਨੂੰ ਸਿੱਖ ਧਰਮ ਦੀ ਮੁੱਢਲੀ ਜਾਣਕਾਰੀ ਅਤੇ ਗੁਰ ਇਤਿਹਾਸ ਦੇ ਵਿੱਚੋਂ ਕਿਸੇ ਇੱਕ ਪਹਿਰੇ ਦੇ ਲਈ ਲਿਖਣ ਵਾਸਤੇ ਕਿਹਾ ਜਾਏਗਾ। ਉਹਨਾਂ ਨੇ ਜਾਣਕਾਰੀ ਦਿੰਦਿਆਂ ਇਹ ਵੀ ਕਿਹਾ ਕਿ ਕੈਂਪ ਦੀ ਸਮਾਪਤੀ ਤੇ ਸੋਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ, ਖਜਾਨਚੀ ਭਾਈ ਗੁਰਜੰਟ ਸਿੰਘ, ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਹਾਜ਼ਰੀ ਭਰਨਗੇ ਅਤੇ ਬੱਚਿਆਂ ਨਾਲ ਗੁਰਬਾਣੀ ਗੁਰ ਇਤਿਹਾਸ ਬਾਬਤ ਵਿਚਾਰਾਂ ਦੀ ਸਾਂਝ ਪਾਉਣਗੇ। ਇਸ ਤੋਂ ਇਲਾਵਾ ਅੰਤਰਰਾਸ਼ਟਰੀ ਦਸਤਾਰ ਕੋਚ ਹਰਜੀਤ ਸਿੰਘ ਲਹਿਰੀ, ਆਕਾਸ਼ਦੀਪ ਸਿੰਘ ਪੱਟੀ, ਵਜੀਰ ਸਿੰਘ ਆਸਲ, ਨਿੰਦਰ ਪਾਲ ਸਿੰਘ ਮਖੂ, ਗੁਰਸ਼ਰਨ ਸਿੰਘ ਪੱਟੀ, ਹਰਮਨਦੀਪ ਸਿੰਘ, ਹੁਸਨਦੀਪ ਸਿੰਘ ਸੁਖਮਨਦੀਪ ਸਿੰਘ ਗਗਨਦੀਪ ਸਿੰਘ ਭਿੱਖੀਵਿੰਡ ਅਤੇ ਰਣਬੀਰ ਸਿੰਘ ਵੀਰਮ ਵੱਲੋਂ ਸਮੇਂ ਸਮੇਂ ਤੇ ਪਹੁੰਚ ਕੇ ਬੱਚਿਆਂ ਨੂੰ ਵੱਖ ਵੱਖ ਤਰਾਂ ਦੀਆਂ ਦਸਤਾਰਾਂ ਸਜਾਉਣ ਦੇ ਸਟਾਈਲ, ਦਸਤਾਰ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਜਾਵੇਗਾ। ਇਸ ਮੌਕੇ ਗੁਰਪ੍ਰੀਤ ਸਿੰਘ ਸੈਂਡੀ, ਭਾਈ ਦਿਲਬਾਗ ਸਿੰਘ ਡੱਲ, ਭਾਈ ਗੁਰਮੀਤ ਸਿੰਘ ਮਾਲੂਵਾਲ ਆਦਿ ਹਾਜ਼ਰ ਸਨ।

# ਪੰਜਾਬ ਦੇ ਸਿਆਸੀ ਲੀਡਰਾ ਵੱਲੋਂ ਵਿਰੋਧੀਆਂ ਦੇ ਬਹਾਨੇ ਸਿੱਖਾਂ ਗੁਰਸਿੱਖਾਂ ਬਾਰੇ ਭੱਦੀ ਸ਼ਬਦਾਵਲੀ ਬੋਲਣੀ ਅਤਿਨਿੰਦਣਯੋਗ



ਜੰਡਿਆਲਾ ਗੁਰੂ 23 ਜੂਨ (ਕੁਲਵੰਤ ਸਿੰਘ ਵਿਰਦੀ ) ਭਾਰਤ ਦੇਸ਼ ਲੋਕਤੰਤਰ ਦਾ ਰਾਜ ਹੈ ਇਥੇ ਹਰ ਇੱਕ ਵਿਅਕਤੀ ਨੂੰ ਬੋਲਣ ਦਾ ਅਧਿਕਾਰ ਹੈ ਪਰ ਸਿਆਣੇ ਆਖਦੇ ਨੇ ਕਿ ਬੋਲਣ ਦੀ ਵੀ ਕੋਈ, ਸੀਮਾ ਹੁੰਦੀ ਹੈ,ਜਦੋਂ ਦਾ ਸੋਸ਼ਲ ਮੀਡੀਆ ਦਾ ਸਮਾਂ ਆਇਆ ਹੈ ਉਦੋਂ ਤੋਂ ਹੀ ਕੋਈ ਨਾ ਕੋਈ ਲੀਡਰ ਆਪਣੇ ਵਿਚਾਰ ਨੂੰ ਦਰਸਾਉਂਦੇ ਹੋਏ ਵਿਵਾਦਾਂ ਵਿੱਚ ਘਿਰੇ ਰਹਿੰਦੇ ਹਨ

ਕਿਸੇ ਵੀ ਵਿਅਕਤੀ ਨੂੰ ਹੱਦੋਂ ਵੱਧ ਬੋਲਣਾ ਬੇਲੋੜਾ ਬੋਲਣਾ ਉਸ ਦੀ ਆਪਣੀ ਹੀ ਮਾਨਸਿਕਤਾ ਦਾ ਦਰਜਾ ਦਰਸਾਉਂਦਾ ਹੈ।, ਜਿਵੇਂ ਕਿ ਬੀਤੇ ਦਿਨ ਸੋਸ਼ਲ ਮੀਡੀਆ ਤੇ ਸਿਆਸੀ ਲੀਡਰਾਂ ਦੀਆਂ ਵੀਡੀਓ ਵਾਇਰਲ ਹੋ ਰਹੀਆਂ ਹਨ ਜਿਸ ਵਿੱਚ ਉਨਾਂ ਨੇ ਸਿੱਖਾਂ ਅਤੇ ਗੁਰਸਿੱਖਾਂ ਬਾਰੇ ਬਹੁਤ ਹੀ ਭੱਦੀ ਸ਼ਬਦਾਵਲੀ ਦੀ ਵਰਤੋਂ ਕੀਤੀ ਹੈ। ਇਸ ਡੇਢ ਦੋ ਮਿੰਟ ਦੀ ਵੀਡੀਓ ਵਿੱਚ ਉਨਾਂ ਲੀਡਰਾਂ ਵੱਲੋਂ ਆਪਣੇ ਸਮਰਥਕਾਂ ਨੂੰ ਖੁਸ ਕਰਨ ਲਈ ਪੰਜਾਬ ਸਰਕਾਰ ਤੇ ਤੰਜ ਕਸਦਿਆਂ ਹੋਇਆਂ ਭਗਵੰਤ ਸਿੰਘ ਮਾਨ ਦੀ ਰੈਲੀ ਵਿੱਚ ਪਹੁੰਚਣ ਵਾਲੇ ਸਿੱਖਾਂ ਤੇ ਗੁਰਸਿੱਖਾਂ ਬਾਰੇ ਇੰਨੀ ਕ ਭੱਦੀ ਸ਼ਬਦਾਵਲੀ ਬੋਲੀ ਹੈ ਕਿ ਉਸ ਨੂੰ ਦਰਸਾਉਣ ਲੱਗਿਆਂ ਵੀ ਸਿਰ ਨੀਵਾਂ ਹੁੰਦਾ ਹੈ।,, ਜਿਸ ਵਿੱਚ ਉਨਾਂ ਲੀਡਰਾਂ ਵਲੋਂ ਸਿੱਧਾ ਹੀ ਆਪਣੀ ਭੱਦੀ ਸ਼ਬਦਾਂਵਲੀ ਵਿੱਚ ਸਿੱਖਾਂ ਅਤੇ ਗੁਰਸਿੱਖਾਂ ਨੂੰ ਲੱਖ ਦੀ ਲਾਹਨਤ ਵਰਗੇ ਸਬਦਾਂ ਦੀ ਵਰਤੋਂ ਕਰਦਿਆਂ ਹੋਇਆ ਕਿਹਾ ਕਿ ਇਹ ਲੋਕ ਭਗਵੰਤ ਮਾਨ ਦੀ ਰੈਲੀ ਵਿੱਚ ਕਿੱਕਲੀਆਂ ਸੁਣਨ ਜਾਦੇ ਹਨ , ਜੋ ਕਿ ਬਹੁਤ ਹੀ ਸ਼ਰਮਨਾਕ ਗੱਲ ਹੈ।, ਜੇਕਰ ਸਾਡੇ ਪੰਜਾਬ ਦੇ ਲੀਡਰ ਹੀ ਇਸ ਤਰ੍ਹਾਂ ਦੀ ਸ਼ਬਦਾਵਦੀ ਬੋਲਣਗੇ ਤਾਂ ਲੋਕਾਂ ਤੇ ਉਸਦਾ ਕੀ ਅਸਰ ਹੋਵੇਗਾ, ਇਹ ਗੱਲ ਤਾਂ ਜਰੂਰ ਹੈ ਕਿ ਰਾਜਨੀਤੀ ਵਿੱਚ ਕੋਈ ਕਿਸੇ ਦਾ ਸਕਾ ਨਹੀਂ ਹੁੰਦਾ ਪਰ ਜੇ ਇਹਨਾਂ ਨੇ ਆਪਸੀ ਕੜੱਤਣ ਕੱਢਣੀ ਹੈ ਤਾਂ ਕਿਸੇ ਨੂੰ ਟਾਰਗੇਟ ਕਰਨਾ ਇਹਨਾਂ ਵਾਸਤੇ ਬਹੁਤ ਮਾੜੀ ਗੱਲ ਹੈ।, ਇਹ ਲੀਡਰ ਇਸ ਤਰ੍ਹਾਂ ਲੱਗਦਾ ਹੈ ਕਿ ਜਿਵੇਂ ਗੁਰਸਿੱਖਾਂ ਦੀ ਪਰਿਭਾਸ਼ਾ ਨੂੰ ਅੱਜ ਤੱਕ ਸਮਝ ਹੀ ਨਹੀਂ ਸਕੇ, ਕਿ ਗੁਰਬਾਣੀ ਵਿੱਚ ਵੀ ਗੁਰਸਿੱਖ ਨੂੰ ਕਿੰਨਾ ਉੱਚਾ ਦਰਜਾ ਦਿੱਤਾ ਗਿਆ ਹੈ।, ਗੁਰਸਿੱਖ ਜੋ ਕਿ ਗੁਰਾਂ ਦਾ ਸਿੱਖ ਜੋ ਕਿ ਗੁਰਾਂ ਦੀ ਦੱਸੇ ਮਾਰਗ ਤੇ ਚੱਲਣ ਵਾਲਾ ਵਿਅਕਤੀ ਹੈ ਉਸ ਨੂੰ ਗੁਰਸਿੱਖ ਕਿਹਾ ਜਾਂਦਾ ਹੈ ਤੇ ਬਾਣੇ ਬਾਣੀ ਦਾ ਜੋ ਧਾਰਨੀ ਹੈ ਉਸਨੂੰ ਗੁਰਸਿੱਖ ਦਾ ਨਾਮ ਦਿੱਤਾ ਜਾਂਦਾ ਹੈ। ਜੇਕਰ ਮੌਜੂਦਾ ਹਾਲਾਤਾਂ ਦੇ ਹਿਸਾਬ ਨਾਲ ਲੀਡਰਾਂ ਦਾ ਬੋਲ ਪਾਣੀ ਇਹੋ ਜਿਹਾ ਹੀ ਰਿਹਾ ਤਾ ਲੋਕ ਅਜਿਹੇ ਲੀਡਰ ਨੂੰ ਮੂੰਹ ਨਹੀਂ ਲਗਾਉਣਗੇ, ਇਸ ਲਈ ਲੀਡਰ ਬਣਨ ਦਾ ਰੁਤਬਾ, ਪਬਲਿਕ ਨੇ ਹੀ ਦੇਣਾ ਹੈ।, ਹਰੇਕ ਪਾਰਟੀ ਦੇ ਲੀਡਰ ਨੂੰ ਕੋਈ ਵੀ ਬਿਆਨ ਅਜਿਹਾ ਨਹੀਂ ਦੇਣਾ ਚਾਹੀਦਾ ਜਿਸ ਨੂੰ ਸੁਣ ਕਿ ਨਮੋਸ਼ੀ ਦਾ ਸਾਹਮਣਾ ਕਰਨਾ ਪਵੇ, ਅਤੇ ਕਿਸੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਵੇ ਇਸ ਲਈ ਲੀਡਰਾਂ ਨੂੰ ਵੀ ਚਾਹੀਦਾ ਹੈ ਕਿ ਇਹੋ ਜਿਹੇ ਬਿਆਨ ਤੋਂ ਗੁਰੇਜ ਕਰਨ ਤਾਂ ਜੋ ਪੰਜਾਬ ਦੇ ਲੋਕਾਂ ਚ ਉਨਾਂ ਦਾ ਮਾਣ ਸਨਮਾਨ ਬਣਿਆ ਰਹੇ ਅਤੇ ਲੋਕਾਂ ਦੀ ਵੀ ਆਪਸੀ ਭਾਈਚਾਰਕ ਸਾਂਝ ਬਰਕਰਾਰ ਰਹੇ!

# ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਪੱਟੀ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

ਪੱਟੀ, 23 ਜੂਨ (ਆਵਾਜ਼ਿ ਕੌਮ ਬਿਊਰੋ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਪੱਟੀ ਦੇ ਐਨ ਐਸ ਐਸ ਅਤੇ ਰੈਡ ਰਿਬਨ ਕਲੱਬ ਦੇ ਸਹਿਯੋਗ ਦੇ ਨਾਲ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਯੋਗਾ ਦੇ ਮਹੱਤਵ ਤੋਂ ਜਾਣੂ ਕਰਵਾਉਣਾ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਕਾਲਜ ਕੈਂਪਸ ਵਿੱਚ ਯੋਗਾ ਸੈਸ਼ਨ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਐਨਐਸਐਸ ਵਲੰਟੀਅਰ ਅਤੇ ਸਟਾਫ ਮੈਂਬਰਾਂ ਨੇ ਵੱਖ-ਵੱਖ ਯੋਗ ਆਸਨਾ ਦਾ ਅਭਿਆਸ ਕੀਤਾ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾਕਟਰ ਰਮਨਪ੍ਰੀਤ ਕੌਰ ਔਲਖ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਯੋਗਾ ਭਾਰਤ ਦੀ ਪ੍ਰਾਚੀਨ ਅਤੇ ਅਨਮੋਲ ਵਿਰਾਸਤ ਹੈ ਜੋ ਮਨੁੱਖ ਨੂੰ ਸਰੀਰਕ ਤੰਦਰੁਸਤੀ ਮਾਨਸਿਕ ਸ਼ਾਂਤੀ ਅਤੇ ਆਤਮਿਕ ਸੰਤੁਲਨ ਪ੍ਰਦਾਨ ਕਰਦੀ ਹੈ। ਉਹਨਾਂ ਅੱਗੇ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਪੱਟੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨ ਬੰਦ ਹੈ ਅਤੇ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਸਿਹਤ ਅਨੁਸ਼ਾਸਨ ਆਤਮ ਵਿਸ਼ਵਾਸ ਅਤੇ ਸਮਾਜਿਕ ਜਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜਬੂਤ ਕਰਦੀਆਂ ਹਨ। ਕਾਲਜ ਦੇ ਰੈਡ ਰਿਬਨ ਕਲੱਬ ਦੇ ਇੰਚਾਰਜ ਜਸਦੇਵ ਭੁੱਲਰ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਯੋਗਾ ਸਿਰਫ ਇੱਕ ਕਸਰਤ ਨਹੀਂ ਸਗੋਂ ਸੰਪੂਰਨ ਜੀਵਨ ਜਿਉਣ ਦੀ ਕਲਾ ਹੈ। ਉਹਨਾਂ ਵਿਦਿਆਰਥੀਆਂ ਨੂੰ ਰੋਜ਼ਾਨਾ ਜੀਵਨ ਵਿੱਚ ਯੋਗਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਤੰਦਰੁਸਤ ਸਰੀਰ ਅਤੇ ਸਿਹਤਮੰਦ ਮਨ ਹੀ ਸਫਲਤਾ ਦੀ ਅਸਲ ਕੁੰਜੀ ਹਨ।ਕਾਲਜ ਦੇ ਐਨਐਸਐਸ ਪ੍ਰੋਗਰਾਮ ਅਫਸਰ ਪ੍ਰਿਤਪਾਲ ਸਿੰਘ ਅਤੇ ਕਾਜਲ ਚੌਧਰੀ ਨੇ ਵੀ ਵਿਦਿਆਰਥੀਆਂ ਨੂੰ ਯੋਗ ਦੇ ਮਹੱਤਵ ਦੀ ਜਾਣਕਾਰੀ ਦੇ ਬਾਰੇ ਜਾਣੂ ਕਰਵਾਇਆ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਗੁਰਜੰਟ ਸਿੰਘ ਕਸੇਲ ਨੂੰ ਹਲਕਾ ਤਰਨ ਤਾਰਨ ਯੂਥ ਕਾਂਗਰਸ ਦਾ ਪ੍ਰਧਾਨ ਬਣਨ 'ਤੇ ਕਰਨ ਬੁਰਜ ਨੇ ਕੀਤਾ ਸਨਮਾਨਿਤ

ਸਰਾਏ ਅਮਾਨਤ ਖਾਂ, 23 ਜੂਨ (ਆਵਾਜ਼ਿ ਕੌਮ ਬਿਊਰੋ)- ਪੰਜਾਬ ਯੂਥ ਕਾਂਗਰਸ ਦੀਆਂ ਹਾਲ ਹੀ ਵਿੱਚ ਹੋਈਆਂ ਚੋਣਾਂ ਵਿੱਚ ਹਲਕਾ ਤਰਨ ਤਾਰਨ ਤੋਂ ਪ੍ਰਧਾਨ ਚੁਣੇ ਗਏ ਗੁਰਜੰਟ ਸਿੰਘ ਕਸੇਲ ਨੂੰ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਪਾਰਟੀ ਦੇ ਆਗੂਆਂ, ਵਰਕਰਾਂ ਅਤੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਹਾਜ਼ਰੀ ਭਰੀ ਅਤੇ ਗੁਰਜੰਟ ਸਿੰਘ ਕਸੇਲ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ। ਸਮਾਗਮ ਦੌਰਾਨ ਕਰਨਬੀਰ ਸਿੰਘ ਬੁਰਜ ਨੇ ਗੁਰਜੰਟ ਸਿੰਘ ਕਸੇਲ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਦੀਆਂ ਚੋਣਾਂ ਵਿੱਚ ਮਿਲੀ ਇਹ ਜਿੱਤ ਨੌਜਵਾਨ ਵਰਗ ਦੇ ਭਰੋਸੇ ਅਤੇ ਸਮਰਥਨ ਦੀ ਪ੍ਰਤੀਕ ਹੈ। ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਗੁਰਜੰਟ ਸਿੰਘ ਕਸੇਲ ਆਪਣੀ ਟੀਮ ਨਾਲ ਮਿਲ ਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਨੌਜਵਾਨਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਲਈ ਕੰਮ ਕਰਨਗੇ। ਇਸ ਮੌਕੇ ਗੁਰਜੰਟ ਸਿੰਘ ਕਸੇਲ ਨੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਅਤੇ ਸਮੂਹ ਯੂਥ ਕਾਂਗਰਸ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾਵੇਗਾ ਅਤੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ।


# ਨਾਮ ਬਦਲੀ
## (Change of Name)

ਮੈਂ ਅਮਰਜੀਤ ਕੌਰ ਪਤਨੀ ਗੁਰਨਾਮ ਸਿੰਘ ਵਾਸੀ ਗੁਰਦੁਆਰਾ ਦੇ ਨੇੜੇ ਮਹਾਲਮ, ਜ਼ਿਲ੍ਹਾ ਫ਼ਿਰੋਜ਼ਪੁਰ (ਪੰਜਾਬ-152002) ਨੇ ਆਪਣਾ ਨਾਮ ਬਦਲ ਕੇ ਅੰਜੂ ਰੱਖ ਲਿਆ ਹੈ। ਮੈਨੂੰ ਭਵਿੱਖ ਵਿੱਚ ਕੇਵਲ ਤੇ ਕੇਵਲ ਅੰਜੂ ਦੇ ਨਾਮ ਤੋਂ ਹੀ ਜਾਨਿਆ ਜਾਵੇ। ਸੰਬੰਧਤ ਨੋਟ ਕਰਨ।